ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 7 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨੪ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਮੌਕੇ

# ਦਮਦਮੀ ਟਕਸਾਲ ਵਿਖੇ ਵਿਸ਼ਾਲ ਪੰਥਕ ਇਕੱਠ, ਸ਼ਹੀਦਾਂ ਨੂੰ ਭਾਵਭਿੰਨੀ ਸ਼ਰਧਾਂਜਲੀ

## ☛ ਸ਼ਹੀਦਾਂ ਦੀ ਕੁਰਬਾਨੀ ਕੌਮ ਦੀ ਅਮੁੱਲੀ ਧਰੋਹਰ: ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ








(ਪੰਨਾ 11 ਤੋਂ ਲਗਾਤਾਰ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 7 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨੪ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਅਤੇ ਚੰਡੀਗੜ੍ਹ 'ਚ ਲੱਗੇ ਭੂਚਾਲ ਦੇ ਝਟਕੇ, ਘਰੋਂ ਬਾਹਰ ਭੱਜੇ ਲੋਕ; ਕੰਬੀ ਧਰਤੀ

**ਚੰਡੀਗੜ੍ਹ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਚੰਡੀਗੜ੍ਹ ਵਿੱਚ ਸ਼ੁੱਕਰਵਾਰ ਰਾਤ ਨੂੰ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਰਾਤ 10:04 ਵਜੇ ਦੇ ਕਰੀਬ ਆਏ ਇਸ ਭੂਚਾਲ ਕਾਰਨ ਬਹੁਤ ਸਾਰੇ ਲੋਕ ਆਪਣੇ ਘਰਾਂ ਤੋਂ ਬਾਹਰ ਆ ਗਏ। ਸਿਆਸੀ ਜਗਤ 'ਚ ਆਇਆ ਭੂਚਾਲ, ਸਾਬਕਾ ਮੁੱਖ ਮੰਤਰੀ ਤੋਂ ਬਾਅਦ ਵਿਧਾਇਕ ਨੇ ਵਾਪਸ ਕੀਤੀ ਭੂਚਾਲ ਦੀ ਤੀਬਰਤਾ ਰਿਕਟਰ ਪੈਮਾਨੇ 'ਤੇ 4.3 ਦਰਜ ਕੀਤੀ ਗਈ। ਭੂਚਾਲ ਦਾ ਕੇਂਦਰ ਧਰਮਸ਼ਾਲਾ, ਹਿਮਾਚਲ ਪ੍ਰਦੇਸ਼ ਦੇ ਨੇੜੇ ਦੱਸਿਆ ਜਾ ਰਿਹਾ ਹੈ। ਹਾਲਾਂਕਿ, ਕਿਸੇ ਵੀ ਤਰ੍ਹਾਂ ਦੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਜਾਣਕਾਰੀ ਨਹੀਂ ਮਿਲੀ ਹੈ। ਦੋ ਮਹੀਨੇ ਪਹਿਲਾਂ ਪੰਜਾਬ, ਚੰਡੀਗੜ੍ਹ ਅਤੇ ਹਿਮਾਚਲ ਪ੍ਰਦੇਸ਼ ਵਿੱਚ ਵੀ ਭੂਚਾਲ ਆਇਆ ਸੀ। ਭੂਚਾਲ ਦਾ ਕੇਂਦਰ ਅਫਗਾਨਿਸਤਾਨ ਦਾ ਹਿੰਦੂ ਕੁਸ਼ ਖੇਤਰ ਸੀ। ਰਿਕਟਰ ਪੈਮਾਨੇ 'ਤੇ ਇਸਦੀ ਤੀਬਰਤਾ 5.9 ਸੀ। ਸਾਡੀ ਧਰਤੀ ਦੀ ਸਤ੍ਹਾ ਮੁੱਖ ਤੌਰ 'ਤੇ ਸੱਤ ਵੱਡੀਆਂ ਅਤੇ ਕਈ ਛੋਟੀਆਂ ਟੈਕਟੋਨਿਕ ਪਲੇਟਾਂ ਤੋਂ ਬਣੀ ਹੈ। ਇਹ ਪਲੇਟਾਂ ਲਗਾਤਾਰ ਹਿੱਲਦੀਆਂ ਰਹਿੰਦੀਆਂ ਹਨ ਅਤੇ ਇੱਕ ਦੂਜੇ ਨਾਲ ਟਕਰਾਉਂਦੀਆਂ ਹਨ। ਟਕਰਾਉਣ ਨਾਲ ਕਈ ਵਾਰ ਪਲੇਟਸ ਦੇ ਕੋਨੇ ਮੁੜ ਜਾਂਦੇ ਹਨ। ਅਜਿਹੇ ਵਿੱਚ ਥੱਲ੍ਹੋਂ ਨਿਕਲੀ ਊਰਜਾ ਬਾਹਰ ਵੱਲ ਆਉਣ ਦਾ ਰਸਤਾ ਖੋਲ੍ਹਦੀ ਹੈ ਅਤੇ ਇਸ ਡਿਸਟਰਬੈਂਸ ਦੇ ਨਾਲ ਭੂਚਾਲ ਆਉਂਦਾ ਹੈ।

## 'ਆਪ੍ਰੇਸ਼ਨ ਬਲਿਊ ਸਟਾਰ' ਦੀ 42ਵੀਂ ਬਰਸੀ

# ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਜਥੇਦਾਰ ਸਾਹਿਬ ਨੇ ਪੜ੍ਹਿਆ ਸਿੱਖ ਕੌਮ ਦੇ ਨਾਮ ਸੰਦੇਸ਼



**ਅੰਮ੍ਰਿਤਸਰ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਆਪਰੇਸ਼ਨ ਬਲੂ ਸਟਾਰ ਦੀ 42ਵੀਂ ਬਰਸੀ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਬਾਹਰ ਅਤੇ ਪਰਿਕਰਮਾ ਖੇਤਰ ਦੇ ਆਲੇ-ਦੁਆਲੇ ਪੁਲਿਸ ਪ੍ਰਸ਼ਾਸਨ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ। ਥਾਂ-ਥਾਂ 'ਤੇ ਪੰਜਾਬ ਪੁਲਿਸ ਅਤੇ ਆਰਪੀਐਫ ਦੇ ਜਵਾਨ ਤੈਨਾਤ ਕੀਤੇ ਗਏ ਹਨ। ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸਿੱਖ ਕੌਮ ਦੇ ਨਾਂਅ ਸੰਦੇਸ਼ ਜਾਰੀ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਅੱਜ ਸਿੱਖਾਂ ਨੂੰ ਅਲੱਗ ਪਛਾਣ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਦੂਜੇ ਸੂਬਿਆਂ 'ਚ ਸਿੱਖਾਂ 'ਤੇ ਹਮਲੇ ਹੋ ਰਹੇ ਹਨ। ਅਸੀਂ ਦੇਸ਼ ਦੇ ਦੂਜੇ ਨੰਬਰ ਦੇ ਸ਼ਹਿਰੀ ਨਹੀਂ ਹਾਂ। ਇਸ ਤੋਂ ਇਲਾਵਾ ਉਨ੍ਹਾਂ ਨੇ ਦੇਸ਼ਾਂ ਵਿਦੇਸ਼ਾਂ 'ਚ ਰਹਿੰਦੇ ਸਿੱਖਾਂ ਨੂੰ ਕਿਹਾ ਕਿ ਉਹ ਪੰਜਾਬ ਪਰਤਣ। ਪੰਜਾਬ ਸਾਡਾ ਹੋਮਲੈਂਡ ਹੈ। ਸਿੱਖ ਪੱਕੇ ਤੌਰ 'ਤੇ ਪੰਜਾਬ ਨੂੰ ਨਾ ਛੱਡਣ। ਵਿਦੇਸ਼ ਜਾਣ ਸਮੇਂ ਉਹ ਆਪਣੀ ਜ਼ਮੀਨਾਂ ਨੂੰ ਨਾ ਵੇਚਣ। ਉਨ੍ਹਾਂ ਨੇ ਅੱਗੇ ਕਿਹਾ ਕਿ ਸਰਕਾਰ ਸਿੱਖਾਂ 'ਤੇ ਕਾਲਾ ਕਾਨੂੰਨ ਲਾਗੂ ਕਰਨਾ ਚਾਹੁੰਦੀ ਹੈ। ਗੁਰੂ ਪੰਥ ਦੀ ਪ੍ਰਵਾਨਗੀ ਤੋਂ ਬਿਨਾਂ ਕਾਨੂੰਨ ਨੂੰ ਮਾਨਤਾ ਨਹੀਂ ਦਿੱਤੀ ਜਾ ਸਕਦੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਕਾਨੂੰਨ ਦਾਇਰੇ 'ਚ ਲਿਆਉਣ ਦੀ ਕੋਸ਼ਿਸ਼ ਹੈ।

## ਲੁਧਿਆਣਾ 'ਚ ਵੱਡਾ ਹਾਦਸਾ ਟਲਿਆ, ਟ੍ਰੇਨ ਦੇ ਡੱਬੇ ਵੱਖ-ਵੱਖ ਹੋਏ, ਯਾਤਰੀਆਂ 'ਚ ਮਚੀ ਹਫੜਾ-ਦਫੜੀ

**ਲੁਧਿਆਣਾ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਰੇਲਵੇ ਸਟੇਸ਼ਨ ਤੇ ਸ਼ਨੀਵਾਰ ਸਵੇਰੇ ਇੱਕ ਵੱਡਾ ਹਾਦਸਾ ਹੋ ਗਿਆ, ਜਿਸ ਵਿੱਚ ਟ੍ਰੇਨ ਦੀ ਇੱਕ ਬੋਗੀ ਦਾ ਅਗਲਾ ਹਿੱਸਾ ਟੁੱਟ ਕੇ ਲਟਕ ਗਿਆ। ਇਹ ਟਰੇਨ ਦਿੱਲੀ ਤੋਂ ਸ਼੍ਰੀ ਮਾਤਾ ਵੈਸ਼ਨੋ ਦੇਵੀ ਵੱਲ ਜਾ ਰਹੀ ਸੀ ਅਤੇ ਇਸ ਦਾ ਲੁਧਿਆਣਾ ਵਿੱਚ ਠਹਿਰਾਅ ਸੀ। ਪਰੰਤੂ ਜਦੋਂ ਹੀ ਰੇਲ ਗੱਡੀ ਆਪਣੇ ਸਮੇਂ 'ਤੇ ਚੱਲੀ ਤਾਂ ਇੰਜਨ ਨੇ ਜਦੋਂ ਬੋਗੀਆਂ ਨੂੰ



ਖਿੱਚਿਆ ਤੇ ਅਚਾਨਕ ਇੱਕ ਬੋਗੀ ਦਾ ਅਗਲਾ ਹਿੱਸਾ ਜ਼ੋਰਦਾਰ ਆਵਾਜ਼ ਨਾਲ ਟੁੱਟ ਗਿਆ ਤੇ ਲਟਕ ਗਿਆ। ਟੁੱਟਣ ਵਾਲੇ ਹਿੱਸੇ ਦੇ ਵਿੱਚ ਬਾਥਰੂਮ ਵੀ ਬਣਿਆ ਹੋਇਆ ਸੀ। ਚੰਗੀ ਗੱਲ ਇਹ ਰਹੀ ਕਿ ਕੋਈ ਯਾਤਰੀ ਉਸ ਸਮੇਂ ਬਾਥਰੂਮ ਦਾ ਇਸਤੇਮਾਲ ਨਹੀਂ ਕਰ ਰਿਹਾ ਸੀ ਅਤੇ ਨਾ ਹੀ ਕੋਈ ਬੋਗੀ ਤੋਂ ਦੂਜੀ ਬੋਗੀ ਦੇ ਵੱਲ ਜਾਣ ਲਈ ਰਸਤਾ ਪਾਰ ਕਰ ਰਿਹਾ ਸੀ, ਜਿਸ ਤੋਂ ਬਾਅਦ ਮੌਕੇ 'ਤੇ ਰੇਲਵੇ ਦੇ ਵੱਡੇ ਅਫਸਰ ਅਤੇ ਪੁਲਿਸ ਦੇ ਵੱਡੇ ਅਫਸਰ ਪਹੁੰਚੇ, ਜਿਨ੍ਹਾਂ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਇਸੇ ਦੌਰਾਨ ਜਿਹੜੀ ਬੋਗੀ ਦਾ ਅਗਲਾ ਹਿੱਸਾ ਟੁੱਟਿਆ ਸੀ, ਉਹਨੂੰ ਵਿੱਚੋਂ ਕੱਢ ਕੇ ਬਾਕੀ ਟਰੇਨ ਨੂੰ ਆਪਣੇ ਰੂਟ 'ਤੇ ਰਵਾਨਾ ਕਰ ਦਿੱਤਾ ਗਿਆ। ਮੌਕੇ 'ਤੇ ਪਹੁੰਚੇ ਏਡੀਸੀਪੀ ਸਮੀਰ ਵਰਮਾ ਨੇ ਆਖਿਆ ਕੀ ਇਹ ਅਚਾਨਕ ਹੋਇਆ ਹਾਦਸਾ ਹੈ। ਇਸ ਵਿੱਚ ਕਿਸੇ ਤਰ੍ਹਾਂ ਦਾ ਕੋਈ ਸ਼ੱਕੀ ਮਾਮਲਾ ਸਾਹਮਣੇ ਨਹੀਂ ਆਇਆ। ਰੇਲਵੇ ਦੇ ਡੀਆਰਐਮ ਵੀ ਮੌਕੇ 'ਤੇ ਪਹੁੰਚੇ ਹਨ ਤੇ ਰੇਲਵੇ ਦੀ ਸਾਰੀ ਟੀਮ ਇਸ ਬਾਰੇ ਜਾਂਚ ਕਰ ਰਹੀ ਹੈ।

## ਪੰਜਾਬ 'ਚ ਰੂਹ ਕੰਬਾਊ ਵਾਰਦਾਤ ! ਪ੍ਰੇਮੀ ਨੇ ਕਤਲ ਕੀਤੀ ਪ੍ਰੇਮਿਕਾ ਦੀ ਧੀ, ਅਟੈਚੀ 'ਚ ਲਾਸ਼ ਪਾ ਕੇ ਜੰਗਲਾਂ 'ਚ ਸੁੱਟਿਆ

**ਨਵਾਂਸ਼ਹਿਰ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਨਵਾਂਸ਼ਹਿਰ ਤੋਂ ਇਕ ਰੂਹ ਕੰਬਾਊ ਵਾਰਦਾਤ ਸਾਹਮਣੇ ਆਈ ਹੈ, ਜਿੱਥੇ ਇਕ ਆਸ਼ਿਕ ਨੇ ਆਪਣੀ ਪ੍ਰੇਮਿਕਾ ਦੀ ਧੀ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ।



ਮੁਲਜ਼ਮ ਦਾ ਦਿਲ ਇਥੇ ਹੀ ਨਹੀਂ ਭਰਿਆ ਅਤੇ ਫਿਰ ਲਾਸ਼ ਨੂੰ ਇਕ ਅਟੈਚੀ ਨੂੰ ਪਾ ਕੇ ਜੰਗਲਾਂ ਵਿੱਚ ਸੁੱਟਿਆ ਦਿੱਤਾ। ਨਵਾਂਸ਼ਹਿਰ ਦੀ ਪੁਲਸ ਨੇ ਪ੍ਰੇਮ ਸੰਬੰਧਾਂ 'ਚ ਅੜਿੱਕਾ ਬਣ ਰਹੀ 16 ਸਾਲਾ ਨਾਬਾਲਗ ਕੁੜੀ ਦਾ ਗਲਾ ਘੁੱਟ ਕੇ ਕਤਲ ਕਰਕੇ ਲਾਸ਼ ਨੂੰ ਅਟੈਚੀ 'ਚ ਪਾ ਕੇ ਜੰਗਲ 'ਚ ਲਿਜਾ ਕੇ ਸਾੜਨ ਵਾਲੇ ਮਹਿਲਾ ਦੇ ਪ੍ਰੇਮੀ ਨੂੰ ਗ੍ਰਿਫ਼ਤਾਰ ਕਰਕੇ ਲਾਸ਼ ਨੂੰ ਟਿਕਾਣੇ ਲਗਾਉਣ ਵਿੱਚ ਵਰਤਿਆ ਗਿਆ ਮੋਟਰਸਾਈਕਲ ਬਰਾਮਦ ਕੀਤਾ ਹੈ। ਪ੍ਰੈੱਸ ਕਾਨਫ਼ਰੰਸ ਵਿੱਚ ਐੱਸ. ਐੱਸ. ਪੀ. ਤੁਸ਼ਾਰ ਗੁਪਤਾ ਨੇ ਇਸ ਕਤਲ ਦਾ ਖ਼ੁਲਾਸਾ ਕਰਦੇ ਦੱਸਿਆ ਕਿ 2 ਜੂਨ ਨੂੰ ਮ੍ਰਿਤਕ ਕੁੜੀ ਦੀ ਮਾਂ ਨੇ ਪੁਲਸ ਨੂੰ ਸ਼ਿਕਾਇਤ ਦਿੱਤੀ ਸੀ ਕਿ ਜਦੋਂ ਉਹ 29 ਮਈ ਨੂੰ ਕੰਮ 'ਤੇ ਗਈ ਸੀ ਤਾਂ ਕੋਈ ਅਣਪਛਾਤਾ ਵਿਅਕਤੀ ਉਸ ਦੀ ਨਾਬਾਲਗ ਕੁੜੀ ਨੂੰ ਵਿਆਹ ਦਾ ਝਾਂਸਾ ਦੇ ਕੇ ਆਪਣੇ ਨਾਲ ਲੈ ਗਿਆ ਹੈ। ਜਿਸ 'ਤੇ ਪੁਲਸ ਨੇ ਅਣਪਛਾਤੇ ਵਿਅਕਤੀ ਖ਼ਿਲਾਫ਼ ਪੁਲਸ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਸੀ। ਉਸ ਨੇ ਦੱਸਿਆ ਕਿ ਉਕਤ ਤਫ਼ਤੀਸ਼ ਦੌਰਾਨ ਸ਼ੱਕੀ ਵਿਅਕਤੀ ਗੁਰਵਿੰਦਰ ਸਿੰਘ ਉਰਫ਼ ਗੁਰਪ੍ਰੀਤ ਉਰਫ਼ ਗੋਪਾ ਪੁੱਤਰ ਗੁਰਨਾਮ ਸਿੰਘ ਵਾਸੀ ਪਿੰਡ ਜਾਡਲੀ ਥਾਣਾ ਬਲਾਚੌਰ ਦਾ ਨਾਮ ਸਾਹਮਣੇ ਆਉਣ 'ਤੇ ਉਸ ਨੂੰ ਪੁਲਸ ਹਿਰਾਸਤ ਵਿਚ ਲੈ ਕੇ ਜਦੋਂ ਪੁੱਛਗਿੱਛ ਕੀਤੀ ਤਾਂ ਉਸ ਨੇ ਮੰਨਿਆ ਕਿ ਉਸ ਨੇ ਮਹਿਲਾ ਦੀ ਧੀ ਦਾ 29 ਮਈ ਨੂੰ ਜਦੋਂ ਉਹ ਕਿਰਾਏ ਦੇ ਘਰ ਵਿਚ ਇਕੱਲੀ ਸੀ ਤਾਂ ਉਸ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ ਸੀ ਅਤੇ ਉਸ ਦੀ ਲਾਸ਼ ਨੂੰ ਖ਼ੁਰਦ-ਬੁਰਦ ਕਰਨ ਲਈ ਉਸ ਨੂੰ ਅਟੈਚੀ ਵਿੱਚ ਬੰਦ ਕਰਕੇ ਗੜ੍ਹਸ਼ੰਕਰ ਦੇ ਪਿੰਡ ਖੁਰਾਲਗੜ੍ਹ ਦੇ ਜੰਗਲਾਂ ਵਿੱਚ ਲੈ ਜਾ ਕੇ ਸਾੜ ਦਿੱਤਾ। ਐੱਸ. ਐੱਸ. ਪੀ. ਨੇ ਦੱਸਿਆ ਕਿ ਸੜੀ ਹੋਈ ਲਾਸ਼ ਦਾ ਪਿੰਜਰ ਪੁਲਸ ਨੇ ਬਰਾਮਦ ਕਰ ਲਿਆ ਹੈ। ਜਿਸ ਦਾ ਪੋਸਟਮਾਰਟਮ ਕਰਵਾਇਆ ਜਾਵੇਗਾ। ਪੁੱਛਗਿੱਛ ਦੌਰਾਨ ਮੁਲਜ਼ਮ ਨੇ ਮੰਨਿਆ ਗੁਰਵਿੰਦਰ ਸਿੰਘ ਦੇ ਮ੍ਰਿਤਕ ਕੁੜੀ ਦੀ ਮਾਤਾ ਊਸ਼ਾ ਰਾਣੀ ਨਾਲ ਪ੍ਰੇਮ ਸੰਬੰਧ ਸਨ, ਜਿਸ ਕਰਕੇ ਦੋਸ਼ੀ ਗੁਰਵਿੰਦਰ ਸਿੰਘ, ਊਸ਼ਾ ਰਾਣੀ ਦੇ ਘਰ ਆਉਂਦਾ ਜਾਂਦਾ ਸੀ, ਜਿਸ ਨੂੰ ਮ੍ਰਿਤਕਾ ਕੁੜੀ ਚੰਗਾ ਨਹੀਂ ਸੀ ਸਮਝਦੀ। ਇਸੇ ਗੱਲ ਦੀ ਰੰਜਿਸ਼ ਤਹਿਤ ਦੋਸ਼ੀ ਗੁਰਵਿੰਦਰ ਸਿੰਘ ਨੇ ਮਿਤੀ 29 ਮਈ ਨੂੰ ਸਵੇਰ ਦੇ ਸਮੇਂ ਜਦੋਂ ਊਸ਼ਾ ਰਾਣੀ ਆਪਣੇ ਕੰਮ 'ਤੇ ਚਲੀ ਗਈ ਤਾਂ ਉਸ ਨੇ ਕੁੜੀ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਮੁਲਜ਼ਮ ਗੁਰਵਿੰਦਰ ਸਿੰਘ ਨੂੰ ਅਦਾਲਤ ਵਿਚ ਪੇਸ਼ ਕਰਕੇ ਇਸ ਦਾ 4 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ। ਐੱਸ. ਐੱਸ. ਪੀ. ਨੇ ਦੱਸਿਆ ਕਿ ਮ੍ਰਿਤਕਾ ਦੀ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਵਾਉਣ ਲਈ ਮੁਲਜ਼ਮ ਵੀ ਮ੍ਰਿਤਕਾ ਦੀ ਮਾਂ ਨਾਲ ਥਾਣੇ ਆਇਆ ਸੀ, ਬਰਾਬਰ ਉਸ ਸਬੰਧੀ ਪੁੱਛ ਪੜਤਾਲ ਕਰਦਾ ਰਿਹਾ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਮੁਲਜ਼ਮ ਨੂੰ ਅਦਾਲਤ 'ਚ ਪੇਸ਼ ਕਰਕੇ 4 ਦਿਨ ਦਾ ਪੁਲਸ ਰਿਮਾਂਡ ਲਿਆ ਗਿਆ ਹੈ।

## 'ਕਾਕਰੋਚ ਜਨਤਾ ਪਾਰਟੀ' ਨੇ ਖ਼ਤਮ ਕੀਤਾ ਵਿਰੋਧ ਪ੍ਰਦਰਸ਼ਨ, ਕਿਹਾ - ਅਗਲੇ ਸ਼ਨੀਵਾਰ ਦੁਬਾਰਾ ਵਿਰੋਧ ਪ੍ਰਦਰਸ਼ਨ ਕਰਾਂਗੇ




**ਨਵੀਂ ਦਿੱਲੀ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਕਾਕਰੋਚ ਜਨਤਾ ਪਾਰਟੀ (ਸੀਜੇਪੀ) ਦੇ ਸੰਸਥਾਪਕ ਅਭਿਜੀਤ ਨੇ ਅੱਜ ਆਪਣੇ ਸਮਰਥਕਾਂ ਨਾਲ ਜੰਤਰ-ਮੰਤਰ 'ਤੇ ਵਿਰੋਧ ਪ੍ਰਦਰਸ਼ਨ ਕੀਤਾ, ਜੋ 5 ਘੰਟੇ ਬਾਅਦ ਖ਼ਤਮ ਹੋ ਗਿਆ। ਇਸ ਤੋਂ ਬਾਅਦ ਅਭਿਜੀਤ ਵਾਪਸ ਚਲੇ ਗਏ ਹਨ। ਦੱਸ ਦੇਈਏ ਕਿ CJP ਮੁਖੀ ਅਭਿਜੀਤ ਸ਼ਨੀਵਾਰ ਸਵੇਰੇ ਅਮਰੀਕਾ ਤੋਂ ਦਿੱਲੀ ਆਏ ਸਨ। ਉਹ ਦਿੱਲੀ ਦੇ ਏਅਰਪੋਰਟ ਤੋਂ ਸਿੱਧਾ ਜੰਤਰ-ਮੰਤਰ ਪਹੁੰਚੇ, ਜਿਥੇ ਉਨ੍ਹਾਂ ਦੇ ਸਮਰਥਕ ਵੱਡੀ ਗਿਣਤੀ ਵਿਚ ਪਹੁੰਚੇ ਹੋਏ ਸਨ। ਇਸ ਮੌਕੇ ਸਮਰਥਕਾਂ ਨੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕੀਤਾ। ਇਸ ਪ੍ਰਦਰਸ਼ਨ ਦੌਰਾਨ ਜੰਤਰ-ਮੰਤਰ 'ਤੇ ਅਭਿਜੀਤ ਦੇ ਨਾਲ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਅਤੇ ਸੀਜੇਪੀ ਦੇ ਬੁਲਾਰੇ ਆਸ਼ੂਤੋਸ਼ ਰੰਕਾ ਵੀ ਮੌਜੂਦ ਰਹੇ। ਸੋਨਮ ਵਾਂਗਚੁਕ ਇਸ ਮੌਕੇ ਲਾਲ ਰੰਗ ਦਾ ਗੁਲਾਬ ਲੈ ਕੇ ਆਏ। ਜਾਣਕਾਰੀ ਮੁਤਾਬਕ ਸੀਜੇਪੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਇਸ ਵਿਰੋਧ ਪ੍ਰਦਰਸ਼ਨ ਦੌਰਾਨ ਕਿਹਾ ਕਿ ਸਿੱਖਿਆ ਮੰਤਰੀ ਪੰਜ ਦਿਨਾਂ ਦੇ ਅੰਦਰ ਅਸਤੀਫਾ ਦੇਣ, ਨਹੀਂ ਤਾਂ ਉਹ ਅਗਲੇ ਸ਼ਨੀਵਾਰ ਨੂੰ ਜੰਤਰ-ਮੰਤਰ 'ਤੇ ਦੁਬਾਰਾ ਵਿਰੋਧ ਪ੍ਰਦਰਸ਼ਨ ਕਰਨਗੇ। ਵਿਰੋਧ ਪ੍ਰਦਰਸ਼ਨ ਦੌਰਾਨ ਦੋ ਸਮੂਹਾਂ ਵਿਚਕਾਰ ਸੰਭਾਵੀ ਝੜਪ ਨੂੰ ਰੋਕਣ ਲਈ ਛੇ ਲੋਕਾਂ ਨੂੰ ਹਿਰਾਸਤ ਵਿੱਚ ਲਿਆ। ਪ੍ਰਦਰਸ਼ਨ ਦੌਰਾਨ ਵਿਰੋਧੀ ਧਿਰ ਦਾ ਇੱਕ ਆਦਮੀ ਕਾਕਰੋਚ ਭਜਾਉਣ ਵਾਲਾ ਸਪਰੇਅ ਲੈ ਕੇ ਉਕਤ ਥਾਂ 'ਤੇ ਪਹੁੰਚ ਗਿਆ। ਉਸ ਆਦਮੀ ਨੇ ਕਾਕਰੋਚ ਜਨਤਾ ਪਾਰਟੀ ਨੂੰ "ਟੁਕੜੇ-ਟੁਕੜੇ ਗੈਂਗ" ਦਾ ਨਵਾਂ ਰੂਪ ਦੱਸਦੇ ਹੋਏ ਨਾਅਰੇਬਾਜ਼ੀ ਕਰਨੀ ਸ਼ੁਰੂ ਕਰ ਦਿੱਤੀ। ਇਸ ਦੌਰਾਨ ਸੀਜੇਪੀ ਸਮਰਥਕਾਂ ਅਤੇ ਉਸ ਵਿਅਕਤੀ ਵਿਚਕਾਰ ਗਰਮਾ-ਗਰਮ ਬਹਿਸ ਅਤੇ ਮਾਮੂਲੀ ਝੜਪ ਹੋ ਗਈ, ਜਿਸ ਨੂੰ ਬਾਅਦ ਵਿੱਚ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ। ਦਿੱਲੀ ਦੇ ਜੰਤਰ-ਮੰਤਰ ਵਿਚ ਹੋਣ ਵਾਲੇ ਪ੍ਰਦਰਸ਼ਨ ਤੋਂ ਪਹਿਲਾਂ ਪੁਲਸ ਨੇ ਦਿੱਲੀ ਵਿਚ ਹਾਈ ਅਲਰਟ ਜਾਰੀ ਕਰਦੇ ਵੱਡੀ ਗਿਣਤੀ ਵਿਚ ਪੁਲਸ ਮੁਲਾਜ਼ਮ ਤਾਇਨਾਤ ਕਰ ਦਿੱਤੇ ਹਨ। ਦਿੱਲੀ ਪਹੁੰਚਣ 'ਤੇ CJP ਮੁਖੀ ਅਭਿਜੀਤ ਨੇ ਆਪਣੇ ਸਮਰਥਕਾਂ ਨੂੰ ਅਨੁਸ਼ਾਸਨ ਬਣਾਈ ਰੱਖਣ ਅਤੇ ਪ੍ਰਦਰਸ਼ਨ ਨੂੰ ਸ਼ਾਂਤੀਪੂਰਨ ਰੱਖਣ ਦੀ ਅਪੀਲ ਕੀਤੀ। ਕਾਰਕੁਨ ਸੋਨਮ ਵਾਂਗਚੁਕ ਨੇ ਵੀ ਇਸ ਵਿਰੋਧ ਪ੍ਰਦਰਸ਼ਨ ਦਾ ਸਮਰਥਨ ਕੀਤਾ ਹੈ।

## ਸੜਕ ਹਾਦਸੇ ਦੌਰਾਨ 9 ਬਿਆਸ ਡੇਰਾ ਪ੍ਰੇਮੀਆਂ ਦੀ ਮੌਤ



**ਫਿਰੋਜ਼ਪੁਰ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਸਵੇਰੇ ਫਿਰੋਜ਼ਪੁਰ-ਫਾਜ਼ਿਲਕਾ ਸੜਕ 'ਤੇ ਜੰਗਾ ਵਾਲਾ ਮੋੜ ਨੇੜੇ ਇੱਕ ਮਹਿੰਦਰਾ ਪਿਕਅੱਪ ਗੱਡੀ ਅਤੇ ਘੋੜੇ ਟਰਾਲੇ ਵਿਚਕਾਰ ਭਿਆਨਕ ਹਾਦਸਾ ਹੋ ਗਿਆ। ਇਸ ਹਾਦਸੇ ਦੌਰਾਨ ਜਲਾਲਾਬਾਦ ਤੋਂ ਬਿਆਸ ਜਾ ਰਹੀ ਮਹਿੰਦਰਾ ਪਿਕਅੱਪ ਗੱਡੀ 'ਚ ਸਵਾਰ 9 ਲੋਕਾਂ ਦੀ ਹੁਣ ਤੱਕ ਮੌਤ ਦੀ ਪੁਸ਼ਟੀ ਹੋ ਚੁੱਕੀ ਹੈ। 20-22 ਜ਼ਖਮੀ ਹੋਏ ਲੋਕਾਂ ਨੂੰ ਸਿਵਲ ਹਸਪਤਾਲ ਫਿਰੋਜ਼ਪੁਰ, ਅਨਿਲ ਬਾਗੀ



ਹਸਪਤਾਲ, ਫਰੀਦਕੋਟ ਮੈਡੀਕਲ ਕਾਲਜ ਅਤੇ ਹੋਰ ਵੱਖ-ਵੱਖ ਹਸਪਤਾਲਾਂ 'ਚ ਦਾਖ਼ਲ ਕਰਵਾਇਆ ਗਿਆ ਹੈ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਇਨ੍ਹਾਂ ਜ਼ਖਮੀਆਂ ਵਿੱਚੋਂ ਕਈਆਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ, ਜ਼ਖਮੀਆਂ 'ਚ ਬੱਚੇ ਵੀ ਸ਼ਾਮਲ ਹਨ। ਜਾਣਕਾਰੀ ਅਨੁਸਾਰ ਅੱਜ ਸਵੇਰੇ ਇੱਕ ਪਰਿਵਾਰ ਆਪਣੇ ਰਿਸ਼ਤੇਦਾਰਾਂ ਨੂੰ ਨਾਲ ਲੈ ਕੇ ਮਹਿੰਦਰਾ ਪਿਕਅਪ ਗੱਡੀ 'ਚ ਜਲਾਲਾਬਾਦ ਤੋਂ ਬਿਆਸ ਜਾ ਰਿਹਾ ਸੀ। ਇਸ ਦੌਰਾਨ ਅਚਾਨਕ ਜੰਗਾ ਵਾਲਾ ਮੋਡ ਨੇੜੇ ਤੇਜ਼ ਰਫ਼ਤਾਰ ਅਤੇ ਲਾਪਰਵਾਹੀ ਨਾਲ ਘੋੜਾ ਟਰਾਲਾ ਉਨ੍ਹਾਂ ਦੀ ਮਹਿੰਦਰ ਪਿਕਅਪ ਗੱਡੀ 'ਚ ਸਿੱਧਾ ਜਾ ਵੱਜਾ, ਜਿਸ ਦੌਰਾਨ ਮੌਤ ਦੇ ਸੱਥਰ ਵਿੱਛ ਗਏ। ਹਾਦਸੇ ਦੌਰਾਨ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਦਾ ਰੋ-ਰੋ ਕੇ ਬੁਰਾ ਹਾਲ ਹੈ।


ਲੜੀਵਾਰ
ਗੁਰਬਾਣੀ
ਕਥਾ ਵਿਚਾਰ
ਗੁਰਦੁਆਰਾ ਸ਼ੀਸ਼ਗੰਜ ਸਾਹਿਬ
6 ਜੂਨ 2026 ਨੂੰ ਸ਼ਨੀਵਾਰ
ਸਵੇਰੇ 7:30 ਤੋਂ 8:30 ਵਜੇ ਤੱਕ
Live on PTC SIMRAN
ਗੁਰਦੁਆਰਾ ਬੰਗਲਾ ਸਾਹਿਬ
7 ਜੂਨ 2026 ਨੂੰ ਐਤਵਾਰ
ਸਵੇਰੇ 7:30 ਤੋਂ 8:30 ਵਜੇ ਤੱਕ
Live on CHARDIKLA TIME TV
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਣਗੇ
ਸੰਪਰਕ ਨੰ.:
9356060960, 9814015740
ਆਵਾਜ਼ਿ ਕੌਮ AWAZE QAUM
International Newspaper & WEB TV
ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਪੁਰਾਤਨੀ ਸ਼ਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਘੱਲੂਘਾਰਾ ਜੂਨ 1984 ਨੂੰ

## 5, 6, 7 ਜੂਨ ਨੂੰ ਭਾਰੀ ਦੀਵਾਨ ਸਜਣਗੇ



☛ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ 14 ਵੇਂ ਮੁਖੀ ਸਿੱਖ ਕੌਮ ਜਰਨੈਲ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਨਾਲ ਦੇ ਸ਼ਹੀਦ ਹੋਏ ਸਿੰਘ ਸਿੰਘਣੀਆਂ ਭੁਝੰਗੀਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਨੂਰ

• ਸ਼ੁੱਕਰਵਾਰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ 10 : 30 ਵਜੇ ਹੋਵੇਗੀ 5 ਜੂਨ ਨੂੰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। • ਸ਼ਨਿੱਚਰਵਾਰ 6 ਜੂਨ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 7 ਜੂਨ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਪਹਿਲਾਂ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਸ੍ਰੀ ਅਖੰਡ ਪਾਠ ਸਾਹਿਬ ਦੇ 10:30 ਪੈਣਗੇ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਜੀ ਨੂਰ ਢਾਡੀ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

• ਤਰਾਂ ਤਰਾਂ ਦੇ ਸਟਾਲ ਵੀ ਲੱਗਣਗੇ • ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


1984
SHAHEEDI
GHALLUGHARA
Akhand Path Sahib Arambh
05 June 2026 Friday
10:00 AM
Akhand Path Sahib Bhog
07 June 2026 Sunday
11:00 AM
ਆਵਾਜ਼ਿ ਕੌਮ
AWAZE QAUM
International Newspaper & WEB TV
Avtaar Singh Bassi
Dhadhi Jatha
11:30 AM - 12:30
Location:
96 Well Ln, Wolverhampton WV11 1XT
Contact us:
07403256083

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਵਿੱਤਰਤਾ ਅਤੇ ਮਾਣ-ਮਰਿਯਾਦਾ ਦੀ ਰਾਖੀ ਲਈ

# ਸ਼ਹੀਦਾਂ ਦੇ ਪੂਰਨਿਆਂ 'ਤੇ ਚੱਲਣਾ ਹਰ ਸਿੱਖ ਦਾ ਪਹਿਲਾ ਫਰਜ਼ : ਬਾਪੂ ਤਰਸੇਮ ਸਿੰਘ





**ਅੰਮ੍ਰਿਤਸਰ, 6 ਜੂਨ (ਆਵਾਜ਼ਿ ਕੌਮ ਬਿਊਰੋ)**- ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੁੱਚੀ ਲੀਡਰਸ਼ਿਪ ਅੱਜ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਜੂਨ 1984 ਸਿੱਖ ਕੌਮ ਦੇ ਇਤਿਹਾਸ ਦਾ ਉਹ ਦਰਦਨਾਕ ਅਧਿਆਇ ਹੈ ਜਦੋਂ ਭਾਰਤੀ ਹਕੂਮਤ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਿੱਖ ਕੌਮ ਦੀ ਧਾਰਮਿਕ ਅਜ਼ਾਦੀ ਉੱਤੇ ਹਮਲਾ ਕਰਕੇ ਆਪਣੇ ਜ਼ਬਰ ਦਾ ਪ੍ਰਗਟਾਵਾ ਕੀਤਾ।ਆਗੂਆਂ ਨੇ ਕਿਹਾ ਕਿ ਜੂਨ 1984 ਦੇ ਸ਼ਹੀਦਾਂ ਨੇ ਆਪਾ ਵਾਰਕੇ ਇਹ ਸੰਦੇਸ਼ ਦਿੱਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਿਯਾਦਾ, ਪੰਥਕ ਸਿਧਾਂਤਾਂ ਅਤੇ ਕੌਮੀ ਅਣਖ ਦੀ ਰਾਖੀ ਲਈ ਹਰ ਕੁਰਬਾਨੀ ਛੋਟੀ ਹੈ। ਉਹਨਾਂ ਦੀਆਂ ਕੁਰਬਾਨੀਆਂ ਅੱਜ ਵੀ ਸਿੱਖ ਨੌਜਵਾਨੀ ਲਈ ਪ੍ਰੇਰਣਾ ਦਾ ਸਰੋਤ ਹਨ।ਇਸ ਮੌਕੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਜੂਨ 1984 ਦੇ ਸ਼ਹੀਦਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਵਿੱਤਰਤਾ, ਮਾਣ-ਮਰਿਯਾਦਾ ਅਤੇ ਪੰਥਕ ਪ੍ਰਭੁਸੱਤਾ ਦੀ ਰਾਖੀ ਲਈ ਆਪਣੇ ਸੀਸ ਕੁਰਬਾਨ ਕੀਤੇ ਸਨ। ਉਹਨਾਂ ਦੇ ਪੂਰਨਿਆਂ 'ਤੇ ਚੱਲਣਾ ਅਤੇ ਉਹਨਾਂ ਦੇ ਆਦਰਸ਼ਾਂ ਨੂੰ ਜੀਵਨ ਵਿੱਚ ਅਪਣਾਉਣਾ ਹਰ ਸਿੱਖ ਦਾ ਪਹਿਲਾ ਧਾਰਮਿਕ ਅਤੇ ਪੰਥਕ ਫਰਜ਼ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕੇਵਲ ਯਾਦ ਕਰਨ ਦੀ ਬਜਾਏ ਉਹਨਾਂ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਪੰਥਕ ਏਕਤਾ, ਗੁਰਮਤਿ ਸਿਧਾਂਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ ਲਈ ਡਟ ਕੇ ਪਹਿਰਾ ਦੇਣਾ ਹੀ ਉਹਨਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਦੇ ਨਾਲ ਮੁੱਖ ਤੌਰ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ, ਬੀਬੀ ਸੰਦੀਪ ਕੌਰ ਜੀ, ਸ੍ਰ ਮਨਪ੍ਰੀਤ ਸਿੰਘ ਇਆਲੀ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਸੁਰਜੀਤ ਸਿੰਘ ਦੌਲਤਪੁਰ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਚਾਚਾ ਪ੍ਰਗਟ ਸਿੰਘ, ਚਾਚਾ ਸੁਖਚੈਨ ਸਿੰਘ, ਭਾਈ ਪਲਵਿੰਦਰ ਸਿੰਘ, ਚਾਚਾ ਕੁਲਵੰਤ ਸਿੰਘ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਦਲੇਰ ਸਿੰਘ ਡੋਡ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਐਡਵੋਕੇਟ ਗੁਰਜੀਤ ਸਿੰਘ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਸ੍ਰ ਪ੍ਰਿਥੀਪਾਲ ਸਿੰਘ ਬਟਾਲਾ, ਭਾਈ ਰਛਪਾਲ ਸਿੰਘ ਸੋਸਣ, ਬਾਬਾ ਜਰਮਨਜੀਤ ਸਿੰਘ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਜਗਨੰਦਨ ਸਿੰਘ, ਭਾਈ ਚਮਕੌਰ ਸਿੰਘ ਧੁੰਨ, ਭਾਈ ਅਮਨਦੀਪ ਸਿੰਘ ਡੱਬੂਆਣਾ, ਭਾਈ ਨਾਥਵਿੰਦਰ ਸਿੰਘ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਜਸਕਰਨ ਸਿੰਘ ਰਿਆੜ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਬਲਜਿੰਦਰ ਸਿੰਘ ਬਾਜਵਾ, ਭਾਈ ਪਰਮਜੀਤ ਸਿੰਘ ਵਣੀਏਕੇ, ਭਾਈ ਜਗਜੀਤ ਸਿੰਘ ਰਾਮੂਵਾਲ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਰਜਿੰਦਰ ਸਿੰਘ ਤਲਵੰਡੀ, ਭਾਈ ਅਮਨਦੀਪ ਸਿੰਘ ਨਾਰਲੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਅਮਰੀਕ ਸਿੰਘ ਬਿੱਟਾ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਕੁਲਵਿੰਦਰ ਸਿੰਘ ਵਡਾਲੀ ਅਤੇ ਭਾਈ ਜਸਵਿੰਦਰ ਸਿੰਘ ਕਾਹਨੂੰਵਾਨ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੁੱਚੀ ਲੀਡਰਸ਼ਿਪ ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਨਤਮਸਤਕ**

ਪੰਜਾਬ ਗ੍ਰਾਮੀਣ ਬੈਂਕ ਮਲਵਾਲ ਕਦੀਮ ਵੱਲੋਂ

# ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ, ਪੌਦੇ ਵੰਡੇ ਗਏ

**ਫ਼ਿਰੋਜ਼ਪੁਰ, 06 ਜੂਨ (ਮਨੋਹਰ ਲਾਲ) :—** ਪੰਜਾਬ ਗ੍ਰਾਮੀਣ ਬੈਂਕ ਦੀ ਮਲਵਾਲ ਕਦੀਮ ਸ਼ਾਖਾ ਵੱਲੋਂ ਬੀਤੇ ਦਿਨ ਵਿਸ਼ਵ ਵਾਤਾਵਰਣ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ ਤੇ ਬੈਂਕ ਸਟਾਫ਼ ਅਤੇ ਇਲਾਕੇ ਦੇ ਸਥਾਨਕ ਨਿਵਾਸੀਆਂ ਨੇ ਵਧ—ਚੜ੍ਹ ਕੇ ਹਿੱਸਾ ਲਿਆ।

ਸਮਾਗਮ ਦੌਰਾਨ ਬੈਂਕ ਦੇ ਬ੍ਰਾਂਚ ਮੈਨੇਜਰ ਸ੍ਰੀ ਇੰਦਰਰਾਜ ਗੋਦਾਰਾ ਅਤੇ ਕੰਕਰੰਟ ਆਡੀਟਰ ਸ੍ਰੀ ਰਜਨੀਸ਼ ਕਪੂਰ ਨੇ ਹਾਜ਼ਰੀਨ ਨੂੰ ਸੰਬੋਧਨ ਕੀਤਾ।ਉਨ੍ਹਾਂ ਕੁਦਰਤੀ ਸੰਤੁਲਨ ਬਣਾਈ ਰੱਖਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਹਰਿਆ—ਭਰਿਆ ਭਵਿੱਖ ਯਕੀਨੀ ਬਣਾਉਣ ਲਈ ਰੁੱਖ ਲਗਾਉਣ ਅਤੇ ਜੰਗਲਾਤ ਦੀ ਮਹੱਤਤਾ ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਸਮੂਹ ਹਾਜ਼ਰੀਨ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਹਰ ਇਨਸਾਨ ਨੂੰ ਵਾਤਾਵਰਣ ਦੀ ਸੰਭਾਲ ਲਈ ਨਿਰੰਤਰ ਰੁੱਖ ਲਗਾਉਣੇ ਚਾਹੀਦੇ ਹਨ ਅਤੇ ਉਨ੍ਹਾਂ ਦੀ ਦੇਖਭਾਲ ਦੀ ਜ਼ਿੰਮੇਵਾਰੀ ਵੀ ਚੁੱਕਣੀ ਚਾਹੀਦੀ ਹੈ।ਬੈਂਕ ਦੇ ਸਮੂਹ ਸਟਾਫ਼ ਮੈਂਬਰਾਂ ਨੇ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਂਦਿਆਂ ਪਿੰਡ ਵਾਸੀਆਂ ਨੂੰ ਵਾਤਾਵਰਣ ਪੱਖੀ ਇਸ ਨਿਵੇਕਲੀ ਪਹਿਲਕਦਮੀ ਦਾ ਹਿੱਸਾ ਬਣਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਾਤਾਵਰਣ ਸੁਰੱਖਿਆ ਅਤੇ ਟਿਕਾਊ ਵਿਕਾਸ (ਸਸਟੇਨੇਬਲ ਡਿਵੈਲਪਮੈਂਟ) ਦਾ ਸੰਦੇਸ਼ ਦਿੰਦਿਆਂ ਪ੍ਰੋਗਰਾਮ ਵਿੱਚ ਸ਼ਾਮਲ ਹੋਏ ਲੋਕਾਂ ਨੂੰ ਬੈਂਕ ਵੱਲੋਂ ਮੁਫ਼ਤ ਪੌਦੇ ਵੀ ਵੰਡੇ ਗਏ। ਸਮਾਗਮ ਦੇ ਅਖੀਰ ਵਿੱਚ ਸਾਰਿਆਂ ਨੇ ਰਲ ਕੇ ਆਲੇ ਦੁਆਲੇ ਨੂੰ ਸਾਫ਼ ਸੁਥਰਾ, ਹਰਿਆ ਭਰਿਆ ਅਤੇ ਸਿਹਤਮੰਦ ਬਣਾਉਣ ਲਈ ਤਨਦੇਹੀ ਨਾਲ ਕੰਮ ਕਰਨ ਦਾ ਸਮੂਹਿਕ ਅਹਿਦ ਲਿਆ। ਇਸ ਮੌਕੇ ਵੱਖ—ਵੱਖ ਪਤਵੰਤਿਆਂ ਨੂੰ ਪੌਦੇ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ।




ਆਵਾਜ਼ਿ ਕੌਮ AWAZE QAUM International Newspaper & WEB TV

# ਡੈਂਗੂ ਅਤੇ ਚਿਕਨਗੁਨੀਆਂ ਬੁਖਾਰ ਦੇ ਖਾਤਮੇ ਲਈ ਸਭ ਦੀ ਸਾਂਝੀ ਜ਼ੁੰਮੇਵਾਰੀ ਐਸ ਆਈ ਅਸ਼ੋਕ ਕੁਮਾਰ



**ਧੂਰੀ (ਰਣਜੀਤ ਸਿੰਘ ਪੇਧਨੀ)**-ਸਿਵਲ ਸਰਜਨ ਸੰਗਰੂਰ ਡਾ: ਅਮਰਜੀਤ ਕੌਰ ਅਤੇ ਜ਼ਿਲ੍ਹਾ ਐਪੀਡਿਮਾਲੋਜਿਸਟ ਡਾ.ਰਮਨਦੀਪ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ ਸੇਰਪੁਰ ਡਾ.ਜਸਦੀਪ ਸਿੰਘ ਅਗਵਾਈ ਹੇਠ ਪਿੰਡ ਕੁੰਭੜਵਾਲ ਵਿਖੇ ਡੈਂਗੂ, ਮਲੇਰੀਆ ਤੋਂ ਸੰਬੰਧੀ ਜਾਣਕਾਰੀ ਦਿੱਤੀ ਗਈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ ਆਈ ਅਸੋਕ ਕੁਮਾਰ ਨੇ ਦੱਸਿਆ ਕਿ ਡੇਂਗੂ,ਚਿਕਨਗੁਨੀਆਂ, ਮਲੇਰੀਆ ਬੁਖਾਰ ਮੱਛਰਾਂ ਦੇ ਕੱਟਣ ਤੋਂ ਫੈਲਦੇ ਹਨ, ਡੇਂਗੂ ਦਾ ਮੱਛਰ ਜਿਆਦਾਤਰ ਦਿਨ ਵੇਲੇ ਤੇ ਮਲੇਰੀਆ ਦੇ ਮੱਛਰ ਰਾਤ ਨੂੰ ਕੱਟਦੇ ਹਨ। ਇਹ ਮੱਛਰ ਇੱਕ ਹਫਤੇ ਤੋਂ ਵੱਧ ਸਮੇਂ ਤੋਂ ਖੜੇ ਪਾਣੀ ਦੀਆਂ ਥਾਵਾਂ ਵਿੱਚ ਪੈਦਾ ਹੁੰਦੇ ਹਨ। ਇਸ ਲਈ ਉਨ੍ਹਾਂ ਕਿਹਾ ਕਿ ਟੋਇਆਂ ਨੂੰ ਭਰਿਆ ਜਾਵੇ , ਘਰਾਂ ਵਿਚ ਲੱਗੇ ਕੂਲਰ, ਗਮਲਿਆਂ, ਕਟੋਰਿਆਂ, ਟਾਇਰਾਂ ਤੇ ਫਰਿੱਜ ਦੀਆਂ ਟਰੇਆ ਨੂੰ ਹਫ਼ਤੇ ਵਿਚ ਇਕ ਵਾਰ ਜ਼ਰੂਰ ਸੁਕਾ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਮੱਛਰਾਂ ਤੋਂ ਛੁਟਕਾਰਾ ਪਾਉਣ ਲਈ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ, ਘਰਾਂ ਦੇ ਆਲੇ-ਦੁਆਲੇ ਖੜ੍ਹੇ ਪਾਣੀ ਨੂੰ ਸਾਫ਼ ਕਰਨਾ ਚਾਹੀਦਾ ਹੈ ਅਤੇ ਜੇਕਰ ਕਿਸੇ ਵਿਅਕਤੀ ਨੂੰ ਬੁਖ਼ਾਰ ਹੋਣ ਦਾ ਸ਼ੱਕ ਹੋਵੇ ਤਾਂ ਤੁਰੰਤ ਨੇੜੇ ਦੇ ਹਸਪਤਾਲ ਜਾ ਕੇ ਟੈਸਟ ਅਤੇ ਇਲਾਜ ਕਰਵਾਉਣਾ ਚਾਹੀਦਾ ਹੈ, ਜੋ ਕਿ ਪੰਜਾਬ ਸਰਕਾਰ ਵੱਲੋ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਗੁਰਵਿੰਦਰ ਸਿੰਘ ਮ. ਪ. ਹ. ਵ ਤੇ ਪਿੰਡ ਦੇ ਪਤਵੰਤੇ ਸੱਜਣ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਢਿੱਲੋਂ ਦੇ ਬੀਜੇਪੀ ਪੰਜਾਬ ਪ੍ਰਧਾਨ ਬਣਨ ਤੇ ਬੱਧਣ ਨੇ ਸੇਰਪੁਰ ਵੰਡੇ ਲੱਡੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਯੁੱਗ ਪੁਰਸ਼, ਵਿਕਾਸ਼ ਪੁਰਸ਼ ਸਰਦਾਰ ਕੇਵਲ ਸਿੰਘ ਢਿੱਲੋਂ ਨੂੰ ਭਾਰਤੀ ਜਨਤਾ ਪਾਰਟੀ ਪੰਜਾਬ ਦਾ ਪ੍ਰਧਾਨ ਬਣਨ ਦੀ ਖੁਸ਼ੀ ਵਿੱਚ ਸ਼ੇਰਪੁਰ ਵਿਖੇ ਲੱਡੂ ਵੰਡੇ ਗਏ ਸਰਦਾਰ ਕੇਵਲ ਸਿੰਘ ਢਿੱਲੋ ਨੂੰ ਭਾਰਤੀ ਜਨਤਾ ਪਾਰਟੀ ਦੀ ਹਾਈ ਕਮਾਂਡ ਰਾਸ਼ਟਰੀ ਪ੍ਰਧਾਨ ਸ੍ਰੀ ਜਗਤ ਪ੍ਰਕਾਸ਼ ਨੱਡਾ ਰਾਸ਼ਟਰੀ ਕਾਰਜਕਰਨੀ ਪ੍ਰਧਾਨ ਸ੍ਰੀ ਨਿਤਨ ਨਵੀਨ , ਰਾਸ਼ਟਰੀ ਜਨਰਲ ਸੈਕਟਰੀ ਸ੍ਰੀ ਤਰੁਨ ਚੁੱਘ ਨੇ ਸ, ਕੇਵਲ ਸਿੰਘ ਢਿੱਲੋ ਨੂੰ ਪੰਜਾਬ ਪ੍ਰਧਾਨ ਬਣਾ ਕੇ ਚੰਗਾ ਸਲਾਘਾਯੋਗ ਕਦਮ ਚੁੱਕਿਆ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼ੇਰਪੁਰ ਮੰਡਲ ਦੇ ਸਾਬਕਾ ਪ੍ਰਧਾਨ ਅਤੇ ਸ੍ਰੀ ਗੁਰੂ ਰਵਿਦਾਸ ਵਿਸ਼ਵ ਮਹਾਂਪੀਠ ਪੰਜਾਬ ਦੇ ਮਹਾਂ ਮੰਤਰੀ ਡਾਕਟਰ ਸਮਸ਼ੇਰ ਸਿੰਘ ਬੱਧਣ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਉਹਨਾਂ ਕਿਹਾ ਕਿ ਪੰਜਾਬ ਦੀ ਸਿਆਸਤ ਮਾਲਵੇ ਖੇਤਰ ਤੋਂ ਹੀ ਸ਼ੁਰੂ ਹੁੰਦੀ ਹੈ ਕਿਉਂਕਿ ਜ਼ਿਆਦਾਤਰ ਮੁੱਖ ਮੰਤਰੀ ਪੰਜਾਬ ਨੂੰ ਇਸ ਮਾਲਵੇ ਦੀ ਧਰਤੀ ਨੇ ਦਿੱਤੇ ਕਰਕੇ ਮਾਲਵੇ ਦੇ ਹੀ ਆਗੂ ਸਰਦਾਰ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਪੰਜਾਬ ਭਾਰਤੀ ਜਨਤਾ ਪਾਰਟੀ ਇਕ ਯੁੱਗ ਪਲਟਾਊ ਸਿਆਸਤ ਕਰੇਗੀ ਅਤੇ ਪੰਜਾਬ ਵਿੱਚ ਡਬਲ ਇੰਜਨ ਦੀ ਸਰਕਾਰ ਬਣਾਏਗੀ ਤਾਂ ਕੇ ਪੰਜਾਬ ਮੁੜ ਤੋਂ ਖੁਸ਼ਹਾਲੀ ਦੀ ਰਾਹ ਤੇ ਚੱਲ ਸਕੇ ਇਸ ਮੌਕੇ ਹੋਰਨਾਂ ਤੋਂ ਇਲਾਵਾ ਯੁਵਾ ਮੋਰਚੇ ਦੇ ਪ੍ਰਧਾਨ ਵਰੁਣ ਸਿੰਗਲਾ ਬਜਰੰਗ ਦਲ ਦੇ ਪ੍ਰਧਾਨ ਸੰਦੀਪ ਸਨੀ ਸ਼ੇਰਪੁਰ ਮੰਡਲ ਦੇ ਜਨਰਲ ਸੈਕਟਰੀ ਕ੍ਰਿਸ਼ਨ ਕੁਮਾਰ ਬਿੱਟੂ ਜੀ ਵਿਨੇ ਗੋਇਲ ਕਿਸਾਨ ਮੋਰਚਾ ਜਿਲ੍ਹੇ ਦੇ ਮੀਤ ਪ੍ਰਧਾਨ ਜਸਵੀਰ ਸਿੰਘ ਰਾਮ ਨਗਰ ਛੰਨਾ ਘਨੌਰੀ ਕਲਾ ਮੰਡਲ ਦੇ ਜਰਨਲ ਸਕੱਤਰ ਦਵਿੰਦਰ ਸਿੰਘ ਕਾਤਰੋਂ ਅਮਨ ਕੁਮਾਰ ਬਾਲਾ, ਗਾਰਮੈਂਟਸ ਤਜਿੰਦਰ ਸਿੰਘ ਘੁਮਾਣ, ਸੰਦੀਪ ਕੁਮਾਰ ,ਅਨਿਲ ਕੁਮਾਰ, ਅਵਤਾਰ ਸਿੰਘ ਮਿੱਠੂ ਬਾਜਵਾ, ਜੁਗਰਾਜ ਸਿੰਘ ਰਾਜੂ ,ਚਮਕੌਰ ਸਿੰਘ ਬਾਜਵਾ, ਕਾਕਾ ਸਿੰਘ ,ਬਲਜਿੰਦਰ ਸਿੰਘ ਗੋਬਿੰਦਪੁਰਾ ਆਦਿ ਆਗੂ ਹਾਜ਼ਰ ਸਨ ਇਸ ਮੌਕੇ ਸ੍ਰੀ ਗੁਰੂ ਰਵਿਦਾਸ ਵਿਸ਼ਵ ਮਹਾਂਪੀਠ ਰਾਸ਼ਟਰੀ ਮਹਾ ਮੰਤਰੀ ਡਾਕਟਰ ਭਗਵਾਨ ਸਿੰਘ ਸੰਗਰੂਰ ਨੇ ਵੀ ਹਾਜ਼ਰੀ ਲਗਵਾਈ

ਆਵਾਜ਼ਿ ਕੌਮ AWAZE QAUM International Newspaper & WEB TV

# ਕੀਤੂ ਖਿਲਾਫ਼ ਅੱਪ ਸਬਦ ਬੋਲਣ 'ਤੇ ਢਿੱਲੋਂ ਜਨਤਕ ਮਾਫੀ ਮੰਗਣ: ਰੰਧਾਵਾ ਕਾਤਰੋਂ



**ਧੂਰੀ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਨਵ ਨਿਯੁਕਤ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋ ਵੱਲੋਂ ਗਰੀਬਾਂ ਦੇ ਮਸੀਹਾ, ਸਾਬਕਾ ਵਿਧਾਇਕ ਉੱਘੇ ਸਮਾਜ ਸੇਵੀ ਮਲਕੀਤ ਸਿੰਘ ਕੀਤੂ ਦੇ ਖਿਲਾਫ ਬੋਲੇ ਅੱਪ ਸਬਦਾਂ ਦੀ ਸਖਤ ਨਿੰਦਿਆ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਹੈ ਕਿ ਕੇਵਲ ਸਿੰਘ ਢਿੱਲੋ ਪ੍ਰਧਾਨ ਬਣਨ ਦੇ ਨਾਲ ਦਿਮਾਗੀ ਤੌਰ 'ਤੇ ਮਾਨਸਿਕ ਸੰਤੁਲਨ ਹਿੱਲ ਚੁੱਕਿਆ ਹੈ। ਇਹਨਾਂ ਗੱਲਾਂ ਕਰਕੇ ਭਾਰਤੀ ਜਨਤਾ ਪਾਰਟੀ ਦੇ ਲੀਡਰਾਂ ਦਾ ਪੰਜਾਬ ਦੇ ਲੋਕਾਂ ਪ੍ਰਤੀਮਾੜੀ ਭਾਵਨਾ ਦਾ ਪਤਾ ਲੱਗਦਾ ਹੈ। ਭਾਰਤੀ ਜਨਤਾ ਪਾਰਟੀ ਦਾ ਹੇਠਲੇ ਵਰਗ ਦੇ ਵਿਅਕਤੀਆਂ ਨੂੰ ਚੰਗਾ ਨਹੀਂ ਸਮਝ ਰਹੀ, ਪਰ ਪੰਜਾਬ ਵਿੱਚ ਰਾਜ ਕਰਨ ਦੀਆਂ ਗੱਲਾਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੇਵਲ ਸਿੰਘ ਢਿੱਲੋ ਨੂੰ ਕੀਤੂ ਪਰਿਵਾਰ ਤੋਂ ਆਪਣੀ ਕੀਤੀ ਗਲਤੀ ਦੀ ਮਾਫੀ ਮੰਗ ਲੈਣੀ ਚਾਹੀਦੀ ਹੈ ਜੇਕਰ ਢਿੱਲੋ ਨੇ ਮਾਫੀ ਨਹੀਂ ਮੰਗੀ ਤਾਂ ਪੂਰੇ ਪੰਜਾਬ ਵਿੱਚ ਬੀਜੇਪੀ ਦੇ ਦਫ਼ਤਰਾਂ ਦਾ ਘਿਰਓ ਕੀਤਾ ਜਾਵੇਗਾ। ਇਸ ਮੌਕੇ ਜਗਰੂਪ ਸਿੰਘ, ਸਰਬਜੀਤ ਸਿੰਘ ਕਾਤਰੋਂ, ਗੁਰਦਿਆਲ ਸਿੰਘ ਕਾਂਝਲਾ, ਅਮਰਿੰਦਰ ਸਿੰਘ ਹਾਜਰ ਸਨ।

### ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ ਵਿਖੇ

# ਸ਼ਰਧਾ ਨਾਲ ਮਨਾਏ ਸ਼ਹੀਦੀ ਦਿਹਾੜੇ



ਫ਼ਿਰੋਜ਼ਪੁਰ, 06 ਜੂਨ (ਮਨੋਹਰ ਲਾਲ):— ਦਮਦਮੀ ਟਕਸਾਲ ਦੇ 14 ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ, ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ, ਅਮਰ ਸ਼ਹੀਦ ਭਾਈ ਅਵਤਾਰ ਸਿੰਘ ਧੀਰਾ ਪੱਤਰਾ, ਜਰਨਲ ਸੁਬੇਗ ਸਿੰਘ, ਅਤੇ 1984 ਦੇ ਸਮੂਹ ਸਿੰਘਾਂ ਦੀ ਯਾਦ ਵਿੱਚ 42ਵਾਂ ਸ਼ਹੀਦੀ ਦਿਹਾੜਾ ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ ਫਿਰੋਜ਼ਪੁਰ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਗਿਆ।ਇਸ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਹਜ਼ੂਰੀ ਰਾਗੀ ਜਥਾ ਭਾਈ ਜਤਿੰਦਰ ਸਿੰਘ ਵੱਲੋਂ ਗੁਰਬਾਣੀ ਦਾ ਸ਼ਬਦ ਕੀਰਤਨ ਕੀਤਾ ਗਿਆ, ਭਾਈ ਬਲਵਿੰਦਰ ਸਿੰਘ ਹੈਡ ਗ੍ਰੰਥੀ ਜਾਮਨੀ ਸਾਹਿਬ ਨੇ ਭਾਰਤੀ ਫੋਜ ਵੱਲੋਂ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਕੀਤੇ ਅਤਿਆਚਾਰ, ਦਰਸ਼ਨ ਕਰਨ ਆਈ ਸੰਗਤ ਨੂੰ ਸ਼ਹੀਦ ਕੀਤਾ, ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨਾ, ਸਿੱਖ ਦੀ ਹੋਂਦ ਨੂੰ ਮਿਟਾਉਣ ਲਈ, ਬੀਬੀਆਂ ਬੱਚਿਆਂ ਨੂੰ ਗੋਲੀਆਂ ਨਾਲ ਭੁੰਨ ਦੇਣਾ ਆਦਿ ਜ਼ੁਲਮਾਂ ਦੀ ਯਾਦ ਨੂੰ ਤਾਜ਼ਾ ਕੀਤਾ। ਇਸ ਮੌਕੇ ਕਵੀਸ਼ਰੀ ਜਥੇ ਨੇ ਸ਼ਹੀਦੀ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ, ਸਿੱਖ ਕੌਮ ਦੇ ਸ਼ਹੀਦਾਂ ਨੇ ਧਰਮ ਅਤੇ ਗੁਰਧਾਮਾਂ ਦੀ ਰੱਖਿਆ ਲਈ ਹੋ ਰਹੇ ਜ਼ੁਲਮ ਦਾ ਟਾਕਰਾ ਕਰਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ।ਸ਼ਹੀਦੀ ਸਮਾਗਮ ਨੂੰ ਸਿੰਘ ਜੀ.ਟੀ.ਵੀ ਰਾਹੀਂ ਲਾਈਵ ਟੈਲੀਕਾਸਟ ਕੀਤਾ ਗਿਆ ਜਿਸ ਨਾਲ ਵਿਸ਼ਵ ਭਰ ਦੀਆਂ ਸੰਗਤਾਂ ਨੇ ਸ਼ਹੀਦੀ ਦਿਹਾੜੇ ਵਿੱਚ ਆਪਣੀਆਂ ਹਾਜ਼ਰੀਆਂ ਭਰੀਆਂ।ਸਿੱਖਾ ਦੀਆ ਕੁਰਬਾਨੀਆਂ ਕਾਰਨ ਹੀ ਸਾਡੇ ਧਰਮ ਅਤੇ ਗੁਰਧਾਮਾਂ ਦੇ ਨਿਸ਼ਾਨ ਸਾਹਿਬ ਝੂਲਦੇ ਹਨ।ਇਸ ਮੌਕੇ ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ ਦੇ ਮੈਨੇਜਰ ਤੇਜਬੀਰ ਸਿੰਘ, ਭਾਈ ਜਸਪਾਲ ਸਿੰਘ ਮੀਤ ਮੈਨੇਜਰ, ਜਸਪਾਲ ਖਾਲਸਾ, ਭਾਈ ਬਲਜਿੰਦਰ ਸਿੰਘ, ਜਸਬੀਰ ਸਿੰਘ ਭੁੱਲਰ, ਜਸਬੀਰ ਸਿੰਘ ਪਿਆਰੇ ਆਣਾ, ਮਨਜੀਤ ਸਿੰਘ, ਭਾਈ ਬਲਕਾਰ ਸਿੰਘ, ਭਾਈ ਬਲਵਿੰਦਰ ਸਿੰਘ ਵਾਹਕਾ ਮੌੜ, ਡਾਕਟਰ ਮੋਹਨ ਸਿੰਘ ਲਾਲਕਾ, ਡਾਕਟਰ ਮੁਖਤਿਆਰ ਸਿੰਘ ਭੁੱਲਰ, ਰਾਜ ਸਿੰਘ, ਗੁਰਮੇਲ ਸਿੰਘ ਕਾਦਾਬੋੜਾ, ਸ਼ਰਨਪ੍ਰੀਤ ਸਿੰਘ ਭੁੱਲਰ, ਬੀਬੀ ਚਰਨਜੀਤ ਕੌਰ ਭੁੱਲਰ, ਹਰਦੇਵ ਸਿੰਘ, ਕਰਨੈਲ ਸਿੰਘ ਭਾਵੜਾ, ਭਾਈ ਸੁੱਖਾ ਸਿੰਘ, ਤਰਲੋਕ ਸਿੰਘ, ਡਾਕਟਰ ਬਲਵੰਤ ਸਿੰਘ, ਡਾਕਟਰ ਸਰੂਪ ਸਿੰਘ ਮੱਲਵਾਲ, ਨਿਰਮਲ ਸਿੰਘ ਇੰਜੀਨੀਅਰ ਕਾਰਜ, ਜਰਨੈਲ ਸਿੰਘ ਧੀਰਾ ਪੱਤਰਾ, ਵਿਰਸਾ ਸਿੰਘ ਬੁੱਕਣ ਖਾਂ ਵਾਲਾ, ਸੂਬੇਦਾਰ ਚਰਨ ਕੀਰਤੀ ਚੱਕਰ, ਸੂਬੇਦਾਰ ਚਮਕੌਰ ਸਿੰਘ ਸ਼ਕੂਰ ਆਦਿ ਸੰਗਤਾਂ ਨੇ ਹਾਜ਼ਰੀਆਂ ਭਰੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਅਮਨਦੀਪ ਹਸਪਤਾਲ ਫਿਰੋਜ਼ਪੁਰ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ

# ਸ਼ਿਵ ਸ਼ੰਕਰ ਰਾਮ ਲੀਲਾ ਕਮੇਟੀ ਨਾਲ ਮੁਫ਼ਤ ਸਪਾਈਰੋਮੈਟਰੀ ਕੈਂਪ ਦਾ ਆਯੋਜਨ



**ਫ਼ਿਰੋਜ਼ਪੁਰ, 06 ਜੂਨ (ਮਨੋਹਰ ਲਾਲ) :**— ਰੋਕਥਾਮ ਵਾਲੀ ਸਿਹਤ ਸੰਭਾਲ ਨੂੰ ਮਜ਼ਬੂਤ ਕਰਨ ਅਤੇ ਸਾਹ ਦੀਆਂ ਬਿਮਾਰੀਆਂ ਦਾ ਜਲਦੀ ਪਤਾ ਲਗਾਉਣ ਨੂੰ ਉਤਸ਼ਾਹਿਤ ਕਰਨ ਲਈ ਅਮਨਦੀਪ ਹਸਪਤਾਲ ਫਿਰੋਜ਼ਪੁਰ, ਉਜਾਲਾ ਸਿਗਨਸ ਹਸਪਤਾਲਾਂ ਨਾਲ ਸਾਂਝੇਦਾਰੀ ਵਿੱਚ ਸ਼ਿਵ ਸ਼ੰਕਰ ਰਾਮ ਲੀਲਾ ਕਮੇਟੀ ਦੇ ਸਹਿਯੋਗ ਨਾਲ 8 ਜੂਨ 2026 ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਇੱਕ ਮੁਫ਼ਤ ਸਪਾਈਰੋਮੈਟਰੀ ਕੈਂਪ ਦਾ ਆਯੋਜਨ ਕਰ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਕੈਂਪ ਦਾ ਉਦੇਸ਼ ਸਪਾਈਰੋਮੈਟਰੀ ਰਾਹੀਂ ਮੁਫ਼ਤ ਫੇਫੜਿਆਂ ਦੇ ਕੰਮ ਦੀ ਜਾਂਚ ਪ੍ਰਦਾਨ ਕਰਨਾ ਹੈ, ਜੋ ਕਿ ਇੱਕ ਸਧਾਰਨ ਅਤੇ ਦਰਦ ਰਹਿਤ ਡਾਇਗਨੌਸਟਿਕ ਟੂਲ ਹੈ ਜੋ ਸ਼ੁਰੂਆਤੀ ਪੜਾਅ ਤੇ ਦਮਾ, ਸੀਓਪੀਡੀ ਅਤੇ ਹੋਰ ਪੁਰਾਣੀਆਂ ਫੇਫੜਿਆਂ ਦੀਆਂ ਬਿਮਾਰੀਆਂ ਦਾ ਪਤਾ ਲਗਾਉਣ ਵਿੱਚ ਮਦਦ ਕਰਦਾ ਹੈ, ਜਦੋਂ ਸਮੇਂ ਸਿਰ ਦਖਲ ਦੇਣ ਨਾਲ ਮਰੀਜ਼ ਦੇ ਨਤੀਜਿਆਂ ਵਿੱਚ ਕਾਫ਼ੀ ਸੁਧਾਰ ਹੋ ਸਕਦਾ ਹੈ। ਡਾਕਟਰ ਚੇਤਨ ਕੁਮਾਰ ਐਨ.ਜੀ ਸੀਨੀਅਰ ਸਲਾਹਕਾਰ ਪਲਮੋਨੋਲੋਜੀ ਅਤੇ ਕ੍ਰਿਟੀਕਲ ਕੇਅਰ ਡਾਕਟਰ ਚਰਨਜੀਤ ਸਿੰਘ, ਸੀਨੀਅਰ ਸਲਾਹਕਾਰ ਇੰਟਰਨਲ ਮੈਡੀਸਨ ਅਤੇ ਡਾਕਟਰ ਪ੍ਰਦੀਪ ਕੁਮਾਰ ਮਿੱਤਲ ਸਲਾਹਕਾਰ ਇੰਟਰਨਲ ਮੈਡੀਸਨ ਦੁਆਰਾ ਮਾਹਰ ਸੇਵਾਵਾਂ ਪ੍ਰਦਾਨ ਕੀਤੀਆਂ ਜਾਣਗੀਆਂ, ਜੋ ਸਾਰੇ ਹਾਜ਼ਰੀਨ ਨੂੰ ਸਲਾਹ ਮਸ਼ਵਰਾ ਅਤੇ ਮਾਰਗਦਰਸ਼ਨ ਪ੍ਰਦਾਨ ਕਰਨਗੇ। ਕੈਂਪ ਦਾ ਉਦਘਾਟਨ ਸੁਵਿਧਾ ਨਿਰਦੇਸ਼ਕ ਡਾ: ਅਭਿਸ਼ੇਕ ਅਰੋੜਾ ਅਤੇ ਸ਼ਿਵ ਸ਼ੰਕਰ ਰਾਮ ਲੀਲਾ ਕਮੇਟੀ ਦੇ ਪ੍ਰਧਾਨ ਸ਼੍ਰੀ ਰਿੰਕੂ ਸ਼ਰਮਾ ਦੁਆਰਾ ਕੀਤਾ ਜਾਵੇਗਾ, ਜੋ ਕਿ ਪਹੁੰਚਯੋਗ ਸਾਹ ਦੀ ਦੇਖਭਾਲ ਪ੍ਰਤੀ ਸਿਹਤ ਸੰਭਾਲ ਸੰਸਥਾਵਾਂ ਅਤੇ ਸਥਾਨਕ ਭਾਈਚਾਰੇ ਦੋਵਾਂ ਦੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਜਾਲਾ ਸਿਗਨਸ ਨਾਲ ਸਾਂਝੇਦਾਰੀ ਵਿੱਚ ਅਮਨਦੀਪ ਹਸਪਤਾਲ ਦੇ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਸਾਹ ਦੀਆਂ ਬਿਮਾਰੀਆਂ ਇੱਕ ਵਧਦੀ ਚਿੰਤਾ ਹਨ ਖਾਸ ਕਰਕੇ ਪੇਂਡੂ ਅਤੇ ਅਰਧ ਸ਼ਹਿਰੀ ਖੇਤਰਾਂ ਵਿੱਚ ਜਿੱਥੇ ਜਲਦੀ ਨਿਦਾਨ ਵਿੱਚ ਅਕਸਰ ਦੇਰੀ ਹੁੰਦੀ ਹੈ।ਉਜਾਲਾ ਸਿਗਨਸ ਅਤੇ ਸ਼ਿਵ ਸ਼ੰਕਰ ਰਾਮ ਲੀਲਾ ਕਮੇਟੀ ਦੇ ਨਾਲ ਇਸ ਮੁਫਤ ਸਪਾਇਰੋਮੈਟਰੀ ਕੈਂਪ ਰਾਹੀਂ ਸਾਡਾ ਉਦੇਸ਼ ਸਿੱਧੇ ਤੌਰ ਤੇ ਭਾਈਚਾਰੇ ਵਿੱਚ ਉੱਨਤ ਫੇਫੜਿਆਂ ਦੀ ਜਾਂਚ ਲਿਆਉਣਾ ਹੈ। ਸਾਡਾ ਧਿਆਨ ਸਿਰਫ਼ ਇਲਾਜ ਨਹੀਂ ਹੈ, ਸਗੋਂ ਰੋਕਥਾਮ ਅਤੇ ਜਾਗਰੂਕਤਾ ਹੈ ਕਿਉਂਕਿ ਜਲਦੀ ਪਤਾ ਲਗਾਉਣ ਨਾਲ ਜਾਨਾਂ ਬਚਦੀਆਂ ਹਨ।ਉਨ੍ਹਾਂ ਕਿਹਾ ਕਿ ਸਥਾਈ ਖੰਘ, ਸਾਹ ਚੜ੍ਹਨ, ਸਿਗਰਟਨੋਸ਼ੀ ਦੇ ਇਤਿਹਾਸ ਜਾਂ ਧੂੜ ਅਤੇ ਪ੍ਰਦੂਸ਼ਕਾਂ ਦੇ ਕਿੱਤਾਮੁਖੀ ਸੰਪਰਕ ਵਾਲੇ ਲੋਕਾਂ ਲਈ ਸਪਾਇਰੋਮੈਟਰੀ ਟੈਸਟਿੰਗ ਬਹੁਤ ਮਹੱਤਵਪੂਰਨ ਹੈ ਅਤੇ ਇਹ ਪਹਿਲ ਫਿਰੋਜ਼ਪੁਰ ਅਤੇ ਨੇੜਲੇ ਖੇਤਰਾਂ ਦੇ ਨਿਵਾਸੀਆਂ ਨੂੰ ਬਿਨਾਂ ਕਿਸੇ ਕੀਮਤ ਦੇ ਮਾਹਰ ਮੁਲਾਂਕਣ ਤੱਕ ਪਹੁੰਚ ਕਰਨ ਵਿੱਚ ਮਦਦ ਕਰੇਗੀ। ਇਸ ਸਹਿਯੋਗ ਰਾਹੀਂ, ਅਮਨਦੀਪ ਹਸਪਤਾਲ ਫਿਰੋਜ਼ਪੁਰ ਅਤੇ ਉਜਾਲਾ ਸਿਗਨਸ ਹਸਪਤਾਲ ਖੇਤਰ ਵਿੱਚ ਸਾਹ ਦੀਆਂ ਬਿਮਾਰੀਆਂ ਦੇ ਬੋਝ ਨੂੰ ਘਟਾਉਣ ਲਈ ਭਾਈਚਾਰਕ ਸਿਹਤ, ਜਲਦੀ ਨਿਦਾਨ ਅਤੇ ਰੋਕਥਾਮ ਦੇਖਭਾਲ ਤੇ ਆਪਣਾ ਧਿਆਨ ਦੁਹਰਾਉਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੇਂਟ ਸੋਲਜਰ ਸਕੂਲ ਵਿੱਚ ਵਿਸ਼ਵ ਪਰਿਆਵਰਨ ਦਿਵਸ ਮਨਾਇਆ ਗਿਆ

# ਵਾਤਾਵਰਣ ਬਚਾਉਣ ਲਈ ਸਕੂਲ ਵੱਲੋਂ ਹਰ ਸਾਲ 5000 ਤੋਂ ਉੱਪਰ ਬੂਟੇ ਲਗਾਏ ਇਸ ਸਾਲ ਵੀ 5000 ਤੋਂ ਵੀ ਵੱਧ ਬੂਟੇ ਲਗਾਏ ਜਾਣਗੇ ਡਾ: ਕਿਸ਼ਨਪੁਰੀ

**ਜੰਡਿਆਲਾ ਗੁਰੂ, 6 ਜੂਨ ( ਕੁਲਵੰਤ ਸਿੰਘ ਵਿਰਦੀ)**-ਅੱਜ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਵਾਤਾਵਰਨ ਨੂੰ ਸੰਭਾਲਣ ਲਈ ਵਿਸ਼ਵ ਪਰਿਆਵਰਨ ਦਿਵਸ ਮਨਾਇਆ ਗਿਆ ।ਇਸ ਮੌਕੇ ਤੇ ਬੂਟੇ ਲਗਾ ਕੇ ਵਾਤਾਵਰਨ ਡੇ ਦੀ ਸ਼ੁਰੂਆਤ ਕੀਤੀ ਗਈ ।ਇਸ ਮੌਕੇ ਤੇ ਨਗਰ ਕੌਂਸਲ ਦੇ ਮੈਂਬਰ ਸ.ਅਵਤਾਰ ਸਿੰਘ ਕਾਲਾ, ਸ਼੍ਰੀ ਸੁਰਿੰਦਰ ਕੁਮਾਰ ਸੋਨੂ, ਜੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਸਕੂਲ ਨੇ ਪਿਛਲੇ ਤਿੰਨ ਸਾਲਾਂ ਤੋਂ ਵਾਤਾਵਰਣ ਬਚਾਉਣ ਲਈ ਹਰ ਸਾਲ 5000 ਤੋਂ ਉੱਪਰ ਬੂਟੇ ਲਗਾਏ ਹਨ। ਉਹਨਾਂ ਨੇ ਕਿਹਾ ਕਿ ਇਸ ਸਾਲ ਵੀ 5000 ਤੋਂ ਵੀ ਵੱਧ ਬੂਟੇ ਲਗਾਏ ਜਾਣਗੇ। ਇਸ ਲਈ ਸਕੂਲ ਨੇ ਜੰਗਲਾਤ ਵਿਭਾਗ ਅਤੇ ਡੀ ਓ ਆਫਿਸ ਨੂੰ ਬੇਨਤੀ ਭੇਜੀ ਹੈ ਕਿ ਸਕੂਲ ਨੂੰ ਬੂਟੇ ਮੁਹਈਆ ਕਰਵਾਏ ਜਾਣ ।ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਡਾ. ਅਮਰਪ੍ਰੀਤ ਕੌਰ ਜੀ (ਡਾਇਰੈਕਟਰ ਪ੍ਰਿੰਸੀਪਲ ਸੇਟ ਸੋਲਜਰ ਸਕੂਲ ਜੰਡਿਆਲਾ ਗੁਰੂ,)ਵਾਇਸ ਪ੍ਰਿੰਸੀਪਲ ਸ਼੍ਰੀਮਤੀ ਸ਼ਿਲਪਾ ਸ਼ਰਮਾ, ਸ਼੍ਰੀ ਸਾਹਿਲ ਸ਼ਰਮਾ ,ਜਸਬੀਰ ਸਿੰਘ ,ਰੁਪਿੰਦਰ ਕੌਰ ਡੀ ਪੀ ਰਾਜਬੀਰ ਕੌਰ ਡੀ ਪੀ ਅਤੇ ਸਕੂਲ ਦੇ ਬੱਚਿਆਂ ਨੇ ਭਾਗ ਲਿਆ।




ਆਵਾਜ਼ਿ ਕੌਮ AWAZE QAUM International Newspaper & WEB TV

# ਪੀ.ਐਸ.ਪੀ.ਸੀ.ਐਲ ਦਫਤਰ ਪਟਿਆਲਾ ਦੇ ਬਾਹਰ ਬੈਠੇ ਬੇਰੁਜ਼ਗਰ ਨੌਜਵਾਨਾਂ ਤੇ ਪੁਲਿਸ ਵੱਲੋਂ ਕੀਤਾ ਲਾਠੀਚਾਰਜ ਨਿਖੇਧੀਯੋਗ—ਜਸਬੀਰ ਸਿੰਘ ਭੁੱਲਰ



ਫ਼ਿਰੋਜ਼ਪੁਰ, 06 ਜੂਨ (ਮਨੋਹਰ ਲਾਲ) :— ਪੀ.ਐਸ.ਪੀ.ਸੀ.ਐਲ ਦਫਤਰ ਪਟਿਆਲਾ ਦੇ ਬਾਹਰ ਬੈਠੇ ਬੇਰੁਜ਼ਗਾਰਾਂ ਨੌਜਵਾਨਾਂ ਨੂੰ ਪੁਲਿਸ ਵੱਲੋਂ ਬੇਰਹਿਮੀ ਨਾਲ ਕੁਟਿਆ, ਇਥੋਂ ਤੱਕ ਕਿ ਬੀਬੀਆਂ ਨੂੰ ਵੀ ਬੁਰੀ ਤਰ੍ਹਾਂ ਨਾਲ ਕੁਟਿਆ, ਜਿਸ ਦੀ ਹਰ ਪਾਸਿਓ ਨਿੰਦਿਆ ਕੀਤੀ ਜਾਵੇ ਥੋੜ੍ਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਜਸਬੀਰ ਸਿੰਘ ਭੁੱਲਰ ਹਲਕਾ ਇਨਚਾਰਜ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਨੇ ਕਿਹਾ ਕਿ ਪਟਿਆਲਾ ਵਿਖੇ ਪੀ.ਐਸ.ਪੀ.ਸੀ.ਐਲ ਦਫਤਰ ਬਾਹਰ ਬੈਠੇ ਬੇਰੁਜ਼ਗਾਰ ਨੌਜਵਾਨਾਂ ਤੇ ਪੁਲਿਸ ਵੱਲੋਂ ਲਾਠੀਚਾਰਜ ਕੀਤਾ ਜ਼ੋ ਕਿ ਬੜੀ ਹੀ ਮੰਦਭਾਗੀ ਘਟਨਾ ਹੈ। ਗੱਲਬਾਤ ਕਰਦਿਆਂ ਜਸਬੀਰ ਸਿੰਘ ਭੁੱਲਰ ਨੇ ਅੱਗੇ ਦੱਸਿਆ ਕਿ ਉਨ੍ਹਾਂ ਨੌਜਵਾਨਾਂ ਅਤੇ ਨੌਜਵਾਨ ਬੀਬੀਆਂ ਦਾ ਕਸੂਰ ਇਹੀ ਸੀ ਕਿ ਉਹ ਜੇਕਰ ਉਹ ਆਪਣੇ ਹੱਕ ਮੰਗਦੇ ਹਨ, ਜ਼ੋ ਹੱਕ ਮੰਗੀਏ ਲਾਠੀਚਾਰਜ ਕਰਦੀ ਅਤੇ ਸਰਕਾਰਾਂ ਕੀ ਹੱਕ ਮੰਗਣਾ ਗੁਨਾਹ ਹੈ। ਜੇਕਰ ਹੱਕ ਮੰਗਣਾ ਗੁਨਾਹ ਹੈ ਤਾਂ ਕੀ ਵੋਟ ਮੰਗਣਾ ਗੁਨਾਹ ਨਹੀਂ ਹੈ, ਸਰਕਾਰ ਨੂੰ ਇਹ ਸੋਚਣਾ ਚਾਹੀਦਾ ਹੈ ਕਿ ਹਰ ਰੋਜ਼ ਪੰਜਾਬ ਸਰਕਾਰ ਕਹਿੰਦੀ ਹੈ ਕਿ ਆਊਟ ਸੌਰਸਿਜ਼ ਦੇ 65 ਹਜ਼ਾਰ ਤੋਂ ਵੱਧ ਮੁਲਾਜ਼ਮਾਂ ਨੂੰ ਪੱਕਾ ਕਰ ਦਿੱਤਾ ਜਾਵੇਗਾ, ਜਿਨ੍ਹਾਂ ਨੂੰ ਆਪਣੀ ਨੌਕਰੀ ਪੰਜ ਸਾਲ ਕਰ ਲਈ ਹੈ, ਦੂਜੇ ਪਾਸੇ ਕਹਿ ਕੇ ਮੁਕਰ ਜਾਂਦੇ ਹਨ, ਇਸ ਕਰਕੇ ਸਰਕਾਰ ਦਿਹਾੜੀ ਤੇ ਕੰਮ ਕਰਦੇ ਠੇਕੇਦਾਰ ਵੱਲੋਂ ਰੱਖੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ ਅਤੇ ਜਿਹੜੇ ਮੁਲਾਜ਼ਮ ਧਰਨੇ ਤੇ ਬੈਠੇ ਸਨ, ਉਨ੍ਹਾਂ ਨੂੰ ਪੱਕਾ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ ਦੇ ਮਰੀਜਾਂ ਨੂੰ ਵੰਡੀਆਂ ਪੌਸ਼ਿਟਕ ਆਹਾਰ ਕਿੱਟਾਂ



**ਫ਼ਿਰੋਜ਼ਪੁਰ, 06 ਜੂਨ (ਮਨੋਹਰ ਲਾਲ) :**— ਟੀ.ਬੀ. ਦੇ ਮਰੀਜਾਂ ਨੂੰ ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਦਿੱਤੀਆਂ ਗਈਆਂ ਕਿੱਟਾਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਿਵਲ ਸਰਜਨ ਡਾ: ਮਿਨਾਕਸ਼ੀ ਢੀਂਗੜਾ ਦੀ ਅਗਵਾਈ ਹੇਠ ਮਿਸ਼ਨ ਨਕਸ਼ੇ ਮਿੱਤਰਾ ਅਧੀਨ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਡਾ: ਜਤਿੰਦਰ ਕੋਛੜ ਦੀ ਨਿਗਰਾਨੀ ਹੇਠ ਲਗਾਤਾਰ ਤੀਸਰੀ ਵਾਰ ਲੋੜਵੰਦ 11 ਮਰੀਜਾਂ ਨੂੰ ਪੌਸ਼ਿਟਕ ਆਹਾਰ ਕਿੱਟਾਂ ਵੰਡੀਆਂ ਗਈਆਂ। ਉਨ੍ਹਾਂ ਦੱਸਿਆ ਕਿ ਇਹ ਕਿੱਟਾਂ ਚੇਅਰਮੈਨ ਸੁਭਾਸ਼ ਚੌਧਰੀ ਅਤੇ ਪ੍ਰਧਾਨ ਸ਼ਿਵੰਦਰ ਮਸ਼ਰਾਲ ਦੀ ਦੇਖ—ਰੇਖ ਹੇਠ ਵੰਡੀਆਂ ਗਈਆਂ। ਇਸ ਮੌਕੇ ਸੰਸਥਾ ਦੇ ਪ੍ਰਧਾਨ ਸ਼ਿਵੰਦਰ ਮਸ਼ਰਾਲ ਨੇ ਦੱਸਿਆ ਕਿ ਸਿਵਲ ਹਸਪਤਾਲ ਫ਼ਿਰੋਜ਼ਪੁਰ ਦੇ ਟੀ.ਬੀ ਵਿਭਾਗ ਵੱਲੋਂ ਟੀ.ਬੀ ਦੇ ਮਰੀਜਾਂ ਨੂੰ ਵਧੀਆ ਸਿਹਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ ਅਤੇ ਸਮੇਂ—ਸਮੇਂ ਸਿਰ ਉਨ੍ਹਾਂ ਨੂੰ ਦੱਸਿਆ ਜਾਂਦਾ ਹੈ ਕਿ ਟੀ.ਬੀ ਦੇ ਬਚਾਓ ਦੇ ਲਈ ਦਵਾਈਆਂ ਦੇ ਨਾਲ ਸਮੇਂ ਸਿਰ ਚੈਕਅਪ ਸਾਫ ਸਫਾਈ ਅਤੇ ਪੌਸ਼ਿਟਮ ਅਹਾਰ ਦੀ ਜ਼ਰੂਰਤ ਹੈ। ਇਸ ਮੌਕੇ ਸੰਸਥਾ ਦੇ ਮੈਂਬਰ ਸੁਰੇਸ਼ ਸ਼ਰਮਾ, ਸੁਰਿੰਦਰ ਸ਼ਰਮਾ, ਤਰਸੇਮ ਗਰੋਵਰ, ਅਜੇ ਮੌਂਗਾ, ਸ੍ਰੀਮਤੀ ਜਨਕ ਚੌਧਰੀ, ਸ੍ਰੀਮਤੀ ਅਰੂਣ ਭੋਲਾ ਅਤੇ ਸ੍ਰੀਮਤੀ ਰੇਨੂ ਧਵਨ ਹਾਜ਼ਰ ਸਨ। ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟੀ.ਬੀ ਵਿਭਾਗ ਸਿਵਲ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਸ੍ਰੀ ਰਾਜ ਕੁਮਾਰ ਫਾਰਮੇਸੀ ਅਫਸਰ, ਰਾਜਦੀਪ ਸਿੰਘ ਟੀ.ਬੀ.ਐਚ.ਵੀ, ਹਰਮਿੰਦਰਪਾਲ ਸਿੰਘ ਟੀ.ਬੀ.ਐਚ.ਵੀ, ਸ੍ਰੀਮਤੀ ਵੀਰਪਾਲ ਕੌਰ ਅਤੇ ਸ੍ਰੀਮਤੀ ਬੰਦਨਾ ਸਟਾਫ ਨਰਸ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਨਸਲਕੁਸ਼ੀ ਦੇ ਦੋਸ਼ਾਂ ’ਚ ਭਾਰਤ ਖ਼ਿਲਾਫ਼ ਵਿਦੇਸ਼ੀ ਅਦਾਲਤਾਂ ਦਾ ਦਰਵਾਜ਼ਾ ਖੜਕਾਉਣ ਦੀ ਤਿਆਰੀ: ਦਬਿੰਦਰਜੀਤ ਸਿੰਘ



**ਨਵੀਂ ਦਿੱਲੀ, 6 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਜੂਨ 1984 ਦੀਆਂ ਘਟਨਾਵਾਂ ਨੂੰ ਲੈ ਕੇ ਭਾਰਤ ਸਰਕਾਰ ਲਈ ਇੱਕ ਨਵੀਂ ਕਾਨੂੰਨੀ ਚੁਣੌਤੀ ਖੜ੍ਹੀ ਹੋ ਸਕਦੀ ਹੈ।ਅਜ਼ਰਬਾਈਜਾਨ ਦੀ ਰਾਜਧਾਨੀ ਬਾਕੂ ਵਿੱਚ ਹੋਈ ਅੰਤਰਰਾਸ਼ਟਰੀ ਕਾਨਫਰੰਸ ਦੌਰਾਨ ਇਹ ਐਲਾਨ ਕੀਤਾ ਗਿਆ ਕਿ ਸਿੱਖ ਨਸਲਕੁਸ਼ੀ ਦੇ ਮਾਮਲੇ ਵਿੱਚ ਭਾਰਤੀ ਅਧਿਕਾਰੀਆਂ ਨੂੰ ਵਿਦੇਸ਼ੀ ਅਦਾਲਤਾਂ ਵਿੱਚ ਕਟਹਿਰੇ ਵਿੱਚ ਖੜ੍ਹਾ ਕਰਨ ਦੀਆਂ ਕੋਸ਼ਿਸ਼ਾਂ ਤੇਜ਼ ਕੀਤੀਆਂ ਜਾ ਰਹੀਆਂ ਹਨ।ਜੂਨ 1984 - ਨਸਲਕੁਸ਼ੀ ਦੀ ਲਗਾਤਾਰਤਾ ਵਜੋਂ ਸਰਹੱਦਾਂ ਪਾਰ ਦਮਨ’ ਵਿਸ਼ੇ ’ਤੇ ਹੋਈ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿੱਖ ਫੈਡਰੇਸ਼ਨ (ਯੂਕੇ) ਦੇ ਸੀਨੀਅਰ ਆਗੂ ਭਾਈ ਦਬਿੰਦਰਜੀਤ ਸਿੰਘ ਓਬੀਈ ਨੇ ਕਿਹਾ ਕਿ ਜੂਨ 1984 ਦੌਰਾਨ ਸਿੱਖਾਂ ਵਿਰੁੱਧ ਕੀਤੀ ਗਈ ਰਾਜਕੀ ਹਿੰਸਾ ਨੂੰ ਅੰਤਰਰਾਸ਼ਟਰੀ ਕਾਨੂੰਨ ਅਧੀਨ ਨਸਲਕੁਸ਼ੀ ਸਾਬਤ ਕਰਨ ਲਈ ਕਾਨੂੰਨੀ ਲੜਾਈ ਲੜੀ ਜਾਵੇਗੀ।ਉਨ੍ਹਾਂ ਕਿਹਾ ਕਿ ਭਾਵੇਂ ਭਾਰਤ ਅੰਤਰਰਾਸ਼ਟਰੀ ਅਪਰਾਧ ਅਦਾਲਤ ਦੇ ਅਧਿਕਾਰ ਖੇਤਰ ਨੂੰ ਨਹੀਂ ਮੰਨਦਾ, ਪਰ ਸੰਯੁਕਤ ਰਾਸ਼ਟਰ ਜੈਨੋਸਾਈਡ ਕਨਵੈਨਸ਼ਨ ਨਾਲ ਜੁੜੇ ਕਈ ਦੇਸ਼ਾਂ ਵਿੱਚ ਅਜਿਹੇ ਕਾਨੂੰਨ ਮੌਜੂਦ ਹਨ ਜੋ ਮਨੁੱਖਤਾ ਵਿਰੋਧੀ ਅਪਰਾਧਾਂ ਲਈ ਵਿਦੇਸ਼ੀ ਨਾਗਰਿਕਾਂ ਖ਼ਿਲਾਫ਼ ਵੀ ਕਾਰਵਾਈ ਦੀ ਇਜਾਜ਼ਤ ਦਿੰਦੇ ਹਨ। ਭਾਈ ਦਬਿੰਦਰਜੀਤ ਸਿੰਘ ਨੇ ਦੋਸ਼ ਲਾਇਆ ਕਿ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕੋਈ ਅਚਾਨਕ ਜਾਂ “ਆਖ਼ਰੀ ਚਾਰਾ” ਨਹੀਂ ਸੀ, ਸਗੋਂ ਇਸ ਦੀ ਯੋਜਨਾ ਕਈ ਮਹੀਨੇ ਪਹਿਲਾਂ ਹੀ ਤਿਆਰ ਕਰ ਲਈ ਗਈ ਸੀ। ਉਨ੍ਹਾਂ ਨੇ ਸਾਬਕਾ ਫੌਜੀ ਅਧਿਕਾਰੀਆਂ ਅਤੇ ਬਰਤਾਨਵੀ ਸਰਕਾਰੀ ਦਸਤਾਵੇਜ਼ਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਹਮਲੇ ਦੀਆਂ ਤਿਆਰੀਆਂ 1982 ਤੋਂ ਹੀ ਸ਼ੁਰੂ ਹੋ ਚੁੱਕੀਆਂ ਸਨ। ਉਨ੍ਹਾਂ ਦਲੀਲ ਦਿੱਤੀ ਕਿ ਜੂਨ 1984 ਵਿੱਚ ਪੂਰੇ ਪੰਜਾਬ ਨੂੰ ਦੁਨੀਆ ਤੋਂ ਕੱਟ ਦਿੱਤਾ ਗਿਆ, ਮੀਡੀਆ ਨੂੰ ਬਾਹਰ ਕੱਢ ਦਿੱਤਾ ਗਿਆ, ਸੰਚਾਰ ਪ੍ਰਣਾਲੀ ਬੰਦ ਕਰ ਦਿੱਤੀ ਗਈ ਅਤੇ ਲੱਖਾਂ ਸਿੱਖਾਂ ਨੂੰ ਫੌਜੀ ਘੇਰੇ ਹੇਠ ਰੱਖਿਆ ਗਿਆ। ਉਨ੍ਹਾਂ ਮੁਤਾਬਕ ਸਿਰਫ਼ ਸ੍ਰੀ ਦਰਬਾਰ ਸਾਹਿਬ ਹੀ ਨਹੀਂ, ਸਗੋਂ ਪੰਜਾਬ ਭਰ ਦੇ ਗੁਰਦੁਆਰਿਆਂ ’ਤੇ ਇੱਕੋ ਸਮੇਂ ਕੀਤੀਆਂ ਕਾਰਵਾਈਆਂ ਇਸ ਗੱਲ ਦਾ ਸੰਕੇਤ ਸਨ ਕਿ ਨਿਸ਼ਾਨਾ ਪੂਰੀ ਸਿੱਖ ਕੌਮ ਸੀ। ਕਾਨਫਰੰਸ ਦੌਰਾਨ ਵੱਖ-ਵੱਖ ਪੱਤਰਕਾਰੀ ਰਿਪੋਰਟਾਂ ਅਤੇ ਖੋਜਕਾਰਾਂ ਦੇ ਹਵਾਲੇ ਦਿੰਦਿਆਂ ਇਹ ਦਾਅਵਾ ਵੀ ਕੀਤਾ ਗਿਆ ਕਿ ਹਜ਼ਾਰਾਂ ਬੇਗੁਨਾਹ ਸ਼ਰਧਾਲੂ, ਔਰਤਾਂ ਅਤੇ ਬੱਚੇ ਇਸ ਕਾਰਵਾਈ ਦਾ ਸ਼ਿਕਾਰ ਬਣੇ। ਉਨ੍ਹਾ ਦਸਿਆ ਕਿ ਕੁਝ ਸਿੱਖ ਜਥੇਬੰਦੀਆਂ ਦਾ ਕਹਿਣਾ ਹੈ ਕਿ ਉਹ ਕਈ ਦੇਸ਼ਾਂ ਵਿੱਚ ਮਨੁੱਖੀ ਅਧਿਕਾਰ ਸੰਸਥਾਵਾਂ ਨਾਲ ਮਿਲ ਕੇ ਕਾਨੂੰਨੀ ਰਣਨੀਤੀ ਤਿਆਰ ਕਰ ਰਹੀਆਂ ਹਨ। ਜੇਕਰ ਇਹ ਯਤਨ ਸਫਲ ਹੁੰਦੇ ਹਨ ਤਾਂ 1984 ਦਾ ਮੁੱਦਾ ਇੱਕ ਵਾਰ ਫਿਰ ਅੰਤਰਰਾਸ਼ਟਰੀ ਅਦਾਲਤਾਂ ਅਤੇ ਵਿਸ਼ਵ ਮੰਚਾਂ ’ਤੇ ਗੂੰਜ ਸਕਦਾ ਹੈ, ਜਿਸ ਨਾਲ ਭਾਰਤ ਸਰਕਾਰ ਲਈ ਕੂਟਨੀਤਕ ਅਤੇ ਕਾਨੂੰਨੀ ਚੁਣੌਤੀਆਂ ਵੱਧ ਸਕਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜੂਨ 1984 ਦੇ ਸ਼ਹੀਦਾਂ ਦੀ ਯਾਦ 'ਚ ਸ਼ਹੀਦੀ ਸਮਾਗਮ ਕਰਵਾਇਆ

# ਸਰਕਾਰਾਂ ਹਮੇਸ਼ਾ ਯਾਦ ਰੱਖਣ ਕਿ ਸਿੱਖ ਦੇਸ਼ 'ਚ ਬਰਾਬਰ ਦੇ ਭਾਈਵਾਲ ਹਨ, ਦੂਜੇ ਦਰਜੇ ਦੇ ਸ਼ਹਿਰੀ ਨਹੀਂ: ਜਥੇਦਾਰ ਗੜਗੱਜ

## ਐਡਵੋਕੇਟ ਧਾਮੀ, ਜਥੇਦਾਰ ਗੜਗੱਜ ਤੇ ਗਿਆਨੀ ਟੇਕ ਸਿੰਘ ਨੇ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਨੂੰ ਕੀਤਾ ਸਨਮਾਨਿਤ

**ਨਵੀਂ ਦਿੱਲੀ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਜੂਨ 1984 'ਚ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਬਾਬਾ ਠਾਰਾ ਸਿੰਘ ਤੇ ਜਨਰਲ ਸ਼ੁਬੇਗ ਸਿੰਘ ਸਮੇਤ ਹੋਰ ਸ਼ਹੀਦਾਂ ਦੀ ਯਾਦ 'ਚ ਸ਼੍ਰੋਮਣੀ ਕਮੇਟੀ ਵੱਲੋਂ ਸਾਲਾਨਾ ਸ਼ਹੀਦੀ ਸਮਾਗਮ ਸ੍ਰੀ ਅਕਾਲ ਤਖ਼ਤ ਸਾਹਿਬ ਵਿੱਖੇ ਕਰਵਾਇਆ ਗਿਆ। ਸਮਾਗਮ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ, ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁੱਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁੱਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸਾਬਕਾ ਜਥੇਦਾਰ ਭਾਈ ਜਸਬੀਰ ਸਿੰਘ ਖ਼ਾਲਸਾ ਸਮੇਤ ਕਈ ਪੰਥਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ।ਸੰਗਤ ਨੂੰ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸਰਵਣ ਕਰਵਾਇਆ। ਸਮਾਗਮ ਮੌਕੇ ਸੰਬੋਧਨ ਕਰਦਿਆਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਦੋਂ ਸਮੇਂ ਦੀ ਭਾਰਤੀ ਹਕੂਮਤ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਫੌਜਾਂ, ਟੈਂਕਾਂ, ਤੋਪਾਂ ਨਾਲ ਹਮਲਾ ਕੀਤਾ ਤਾਂ ਦਮਦਮੀ ਟਕਸਾਲ ਦੇ 14ਵੇਂ ਮੁੱਖੀ ਕੌਮੀ ਸ਼ਹੀਦ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਸਿੰਘਾਂ ਨੇ ਜਿਸ ਤਰ੍ਹਾਂ ਮੁਕਾਬਲਾ ਕਰਦਿਆਂ ਸ਼ਹਾਦਤਾਂ ਪ੍ਰਾਪਤ ਕੀਤੀਆਂ, ਇਹ ਰਹਿੰਦੀ ਦੂਨੀਆਂ ਤੱਕ ਮਿਸਾਲੀ ਇਤਿਹਾਸ ਰਹੇਗਾ। ਇਸ ਘੱਲੂਘਾਰੇ ਦੌਰਾਨ ਵੱਡੀ ਗਿਣਤੀ 'ਚ ਸਿੱਖ ਸੰਗਤਾਂ, ਬੀਬੀਆਂ ਅਤੇ ਭੁਝੰਗੀਆਂ ਨੇ ਵੀ ਸ਼ਹਾਦਤਾਂ ਪ੍ਰਾਪਤ ਕੀਤੀਆਂ। ਸਿੱਖਾਂ ਨੇ 1984 ਤੋਂ ਪਹਿਲਾਂ ਵੀ ਦੋ ਘੱਲੂਘਾਰੇ ਝੱਲੇ ਪ੍ਰੰਤੂ ਇਹ ਤੀਜਾ ਘੱਲੂਘਾਰਾ ਆਪਣੇ ਹੀ ਮੁਲਕ ਅੰਦਰ ਲੋਕਤੰਤਰ ਦੇ ਰਾਜ ਅਧੀਨ ਕੀਤਾ ਗਿਆ, ਲੇਕਿਨ ਇਸ ਦੇ ਬਾਵਜੂਦ ਵੀ ਸਿੱਖ ਅੱਜ ਚੜ੍ਹਦੀ ਕਲਾ ਨਾਲ ਪੂਰੀ ਦੁਨੀਆ ਅੰਦਰ ਵੱਸ ਰਹੇ ਹਨ। ਉਨ੍ਹਾਂ ਇਸ ਮੌਕੇ 1984 ਵਿੱਚ ਸ਼ਹੀਦ ਹੋਣ ਵਾਲੀਆਂ ਸਿੱਖ

ਆਵਾਜ਼ਿ ਕੌਮ
AWAZE QAUM
International Newspaper & WEB TV

ਬੱਚੀਆਂ ਸਤਨਾਮ ਕੌਰ, ਵਾਹਿਗੁਰੂ ਕੌਰ ਤੇ ਬੀਬੀ ਉਪਕਾਰ ਕੌਰ ਦਾ ਵਿਸ਼ੇਸ਼ ਜ਼ਿਕਰ ਵੀ ਕੀਤਾ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਰਕਾਰਾਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਕਿ ਸਿੱਖ ਇਸ ਦੇਸ਼ ਵਿਚ ਬਰਾਬਰ ਦੇ ਭਾਈਵਾਲ ਹਨ, ਦੂਜੇ ਦਰਜੇ ਦੇ ਸ਼ਹਿਰੀ ਨਹੀਂ। ਉਨ੍ਹਾਂ ਕਿਹਾ ਕਿ ਸਿੱਖਾਂ ਪ੍ਰਤੀ ਵਰਤੀਆਂ ਜਾ ਰਹੀਆਂ ਦੋਹਰੀਆਂ ਨੀਤੀਆਂ ਦੇਸ਼ ਹਿੱਤ ਵਿਚ ਨਹੀਂ ਹਨ। ਦੇਸ਼ ਅੰਦਰ ਸਿੱਖ ਪਛਾਣ, ਕਕਾਰਾਂ ਅਤੇ ਦਸਤਾਰ ਨੂੰ ਨਿਸ਼ਾਨਾ ਬਣਾਉਣ ਦੀਆਂ ਘਟਨਾਵਾਂ ਵੱਡੀ ਚਿੰਤਾ ਵਾਲੀਆਂ ਹਨ। ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਵਿਚ ਘੁੰਮਣ ਗਏ ਸਿੱਖ ਦੀ ਦਸਤਾਰ ਤੇ ਦਾੜ੍ਹੀ ਨੂੰ ਨਿਸ਼ਾਨਾ ਬਣਾਇਆ ਜਾਂਦਾ ਹੈ, ਜਦਕਿ ਪੰਜਾਬ ਅੰਦਰ ਪੂਰੇ ਮੁਲਕ ਤੋਂ ਆ ਕੇ ਲੋਕ ਖੁੱਲ੍ਹੇ ਮਾਹੌਲ ਵਿਚ ਰਹਿ ਰਹੇ ਨੇ ਅਤੇ ਕੰਮ ਵੀ ਕਰ ਰਹੇ ਹਨ, ਉਨ੍ਹਾਂ ਨੂੰ ਕਿਸੇ ਸਿੱਖ ਜਾਂ ਪੰਜਾਬੀ ਨੇ ਕਦੇ ਨਿਸ਼ਾਨਾ ਨਹੀਂ ਬਣਾਇਆ।ਉਨ੍ਹਾਂ ਕਿਹਾ ਕਿ ਸਮੇਂ ਦੇ ਹੁਕਮਰਾਨਾ ਨੂੰ ਇਹ ਸਮਝ ਲੈਣਾ ਚਾਹੀਦਾ ਕੇ ਸਿੱਖ ਆਪਣੀ ਪਛਾਣ ਨਾਲ ਦੂਜੇ ਦਰਜੇ ਦੇ ਵਿਹਾਰ ਨੂੰ ਹੋਰ ਬਰਦਾਸ਼ਤ ਨਹੀਂ ਕਰਨਗੇ। ਜਥੇਦਾਰ ਗੜਗੱਜ ਨੇ ਕਿਹਾ ਕਿ ਅੱਜ ਸਿੱਖਾਂ ਨੇ ਪੂਰੀ ਦੁਨੀਆ ਅੰਦਰ ਸਰਬੱਤ ਦੇ ਭਲੇ ਦੇ ਸਿਧਾਂਤ 'ਤੇ ਪਹਿਰਾ ਦਿੰਦਿਆਂ ਅਤੇ ਮਨੁੱਖਤਾ ਦੀ ਸੇਵਾ ਕਰਦਿਆਂ ਆਪਣੀ ਵੱਖਰੀ ਪਛਾਣ ਕਾਇਮ ਕੀਤੀ ਹੈ ਪਰੰਤੂ ਪਿਛਲੇ ਕੁਝ ਸਮੇਂ ਤੋਂ ਵਿਸ਼ਵ ਪੱਧਰ 'ਤੇ ਸਿੱਖਾਂ ਵਿਰੁੱਧ ਸਾਜ਼ਿਸ਼ ਤਹਿਤ ਬਹਾਨੇ ਬਣਾ ਕੇ ਉਨ੍ਹਾਂ ਦੀ ਵਿਲੱਖਣ





ਪਛਾਣ ਅਤੇ ਕਕਾਰਾਂ ਨੂੰ ਨਫ਼ਰਤ ਦਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜਿਸ ਤੋਂ ਹਰ ਦੇਸ਼ ਵਿੱਚ ਕਾਰਜਸ਼ੀਲ ਸਿੱਖ ਜਥੇਬੰਦੀਆਂ ਨੂੰ ਸੁਚੇਤ ਹੋਣ ਦੀ ਲੋੜ ਹੈ। ਉਨ੍ਹਾਂ ਦੇਸ਼ ਦੁਨੀਆਂ ਅੰਦਰ ਵਸਦੇ ਸਿੱਖਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਾਡਾ ਘਰ ਹੈ ਅਤੇ ਉਹ ਆਪਣੇ ਬੱਚਿਆਂ ਨੂੰ ਇਸ ਧਰਤੀ ਨਾਲ ਜੋੜੀ ਰੱਖਣ ਲਈ ਸੁਹਿਰਦ ਯਤਨ ਕਰਨ। ਜਥੇਦਾਰ ਗੜਗੱਜ ਨੇ ਕਿਹਾ ਕਿ ਉਸ ਸਮੇਂ ਦੀ ਹਾਕਮ ਇੰਦਰਾ ਗਾਂਧੀ ਵੀ ਕੇਂਦਰੀਕਰਨ ਕਰਕੇ ਪੰਜਾਬ ਨੂੰ ਆਪਣੇ ਹਿਸਾਬ ਨਾਲ ਚਲਾਉਣਾ ਚਾਹੰਦੀ ਸੀ, ਕਈ ਕਾਲੇ ਕਾਨੂੰਨ ਵੀ ਬਣੇ ਲੇਕਿਨ ਸਿੱਖਾਂ ਨੇ ਸੰਘਰਸ਼ ਕਰਕੇ ਵਾਪਸ ਕਰਵਾਏ। ਅੱਜ ਵੀ ਪੰਜਾਬ ਦੀ ਹਾਕਮ ਧਿਰ ਸਿੱਖਾਂ 'ਤੇ ਆਪਣੀ ਮਰਜ਼ੀ ਦੇ ਕਾਨੂੰਨ ਲਾਗੂ ਕਰਨਾ ਚਾਹੁੰਦੀ ਹੈ। ਸਰਕਾਰ ਦੀ ਮਨਸ਼ਾ ਸਿੱਖਾਂ ਦੇ ਗੁਰੂ ਘਰਾਂ ਦੇ ਪ੍ਰਬੰਧਾਂ ਨੂੰ ਆਪਣੇ ਕਾਬੂ ਵਿਚ ਕਰਨ ਦੀ ਹੈ, ਪਰੰਤੂ ਸਿੱਖ ਇਸ ਨੂੰ ਕਦੇ ਵੀ ਪ੍ਰਵਾਨ ਨਹੀਂ ਕਰਨਗੇ। ਪੰਜਾਬ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਕਾਨੂੰਨ ਨੂੰ ਸਿੱਖਾਂ ਦੀ ਸਹਿਮਤੀ ਤੋਂ ਬਿਨਾਂ ਠੋਸਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਗੁਰੂ ਖਾਲਸਾ ਪੰਥ ਹੈ, ਜੋ ਅਜਿਹੇ ਕਿਸੇ ਵੀ ਕਾਨੂੰਨ ਨੂੰ ਸਹਿਮਤੀ ਤੋਂ ਬਿਨਾਂ ਪ੍ਰਵਾਨ ਨਹੀਂ ਕਰੇਗਾ ਅਤੇ ਨਾ ਹੀ ਮਾਨਤਾ ਦੇਵੇਗਾ। ਜਥੇਦਾਰ ਗੜਗੱਜ ਨੇ ਕਿਹਾ ਕਿ ਮਸਲਾ ਤਾਂ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਸਖ਼ਤ ਸਜਾਵਾਂ ਦੇਣ ਅਤੇ ਸਿੱਖਾਂ ਨੂੰ ਇਨਸਾਫ਼ ਦੇਣ ਦਾ ਸੀ, ਪਰੰਤੂ ਸਰਕਾਰ ਸੇਵਾਦਾਰ ਸਿੱਖ ਧਿਰਾਂ ਅਤੇ ਕੇਂਦਰੀ ਸਿੱਖ ਸੰਸਥਾਵਾਂ ਨੂੰ ਹੀ ਆਪਣੇ ਕੰਟਰੋਲ ਵਿਚ ਕਰਨ ਵੱਲ ਤੁਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੱਸੇ ਕਿ ਬਰਗਾੜੀ ਬੇਅਦਬੀ ਦੇ ਦੋਸ਼ੀਆਂ ਨੂੰ ਅਜੇ ਤੱਕ ਗ੍ਰਿਫ਼ਤਾਰ ਕਰਕੇ ਪੰਜਾਬ ਕਿਉਂ ਨਹੀਂ ਲਿਆਂਦਾ ਗਿਆ ਅਤੇ 2017 ਮੌੜ ਬੰਬ ਧਮਾਕੇ ਦੇ ਦੋਸ਼ੀ ਕਿੱਥੇ ਹਨ ਅਤੇ ਇਸ ਘਟਨਾ ਦੇ ਪੀੜਤ ਪਰਿਵਾਰਾਂ ਨੂੰ ਇਨਸਾਫ਼ ਕਿੱਥੇ ਹੈ ? ਜਥੇਦਾਰ ਗੜਗੱਜ ਨੇ ਸਮੂਹ ਬੰਦੀ ਸਿੰਘਾਂ ਭਾਈ ਜਗਤਾਰ ਸਿੰਘ ਹਵਾਰਾ, ਭਾਈ ਪਰਮਜੀਤ ਸਿੰਘ ਭਿਉਰਾ, ਭਾਈ ਜਗਤਾਰ ਸਿੰਘ ਤਾਰਾ, ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ, ਭਾਈ ਗੁਰਦੀਪ ਸਿੰਘ ਖੇੜਾ ਅਤੇ ਜ਼ਿੰਦਾ ਸ਼ਹੀਦ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਰਿਹਾਈ ਲਈ ਸਮੁੱਚੀ ਕੌਮ ਨੂੰ ਇੱਕਜੁਟ ਹੋ ਕੇ ਕਾਰਜ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ ਦੀ ਬਜ਼ੁਰਗ ਮਾਤਾ ਆਪਣੇ ਪੁੱਤਰ ਨੂੰ ਮਿਲਣਾ ਚਾਹੁੰਦੀ ਹੈ ਲੇਕਿਨ ਸਰਕਾਰਾਂ ਅੜਿੱਕਾ ਬਣੀਆਂ ਹਨ। ਉਨ੍ਹਾਂ ਕਿਹਾ ਕਿ ਕੌਮ ਦੇ ਸਮੂਹ ਬੰਦੀ ਸਿੰਘ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਜੇਲ੍ਹਾਂ ਅੰਦਰ ਨਜ਼ਰਬੰਦ ਹਨ, ਇਸ ਲਈ ਕੌਮ ਇਕਜੁੱਟ ਹੋ ਕੇ ਉਨ੍ਹਾਂ ਲਈ ਅਵਾਜ਼ ਬੁਲੰਦ ਕਰੇ। ਜਥੇਦਾਰ ਗੜਗੱਜ ਨੇ ਕਿਹਾ ਕਿ ਗੁਰਬਾਣੀ ਸਾਨੂੰ ਵਾਤਾਵਰਣ ਤੇ ਕੁਦਰਤ ਦੀ ਸਾਂਭ ਸੰਭਾਲ ਦੀ ਸਿੱਖਿਆ ਦਿੰਦੀ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ 1984 ਵਿਚ ਸਿੱਖਾਂ ਨੇ ਸਿੱਖੀ ਸਿਦਕ ਤੇ ਗੁਰੂ 'ਤੇ ਭਰੋਸਾ ਰੱਖਦਿਆਂ ਵੱਡੀ ਤਾਕਤ ਦੇ ਵਿਰੁੱਧ ਸੰਘਰਸ਼ ਲੜਿਆ। ਅੱਜ ਕੌਮ ਨੂੰ ਚਾਰੇ ਪਾਸਿਓਂ ਚੁਣੌਤੀਆਂ ਦਾ ਟਾਕਰਾ ਕਰਨ ਲਈ ਸਮੂਹ ਸ਼ਹੀਦਾਂ ਤੋਂ ਸਿੱਖੀ ਸਿਦਕ ਦੀ ਪ੍ਰੇਰਨਾ ਲੈ ਕੇ ਸਬਰ ਨਾਲ ਇਕਜੁੱਟ ਰਹਿੰਦਿਆਂ ਅੱਗੇ ਵਧਣ ਦੀ ਲੋੜ ਹੈ। ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਵੀ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ। ਉਨ੍ਹਾਂ ਸਮੇਂ ਦੀ ਭਾਰਤੀ ਹਕੂਮਤ ਵੱਲੋਂ ਕਰੂਰ ਕਾਰੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਿੱਖਾਂ ਦੇ ਕੇਂਦਰੀ ਅਸਥਾਨ ਨੂੰ ਨੁਕਸਾਨ ਪਹੁੰਚਾਉਣ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਗੋਲੀ ਨਾਲ ਜ਼ਖ਼ਮੀ ਕਰਕੇ ਸਿੱਖਾਂ ਨੂੰ ਜੋ ਮਾਨਸਿਕ ਪੀੜਾ ਦਿੱਤੀ ਉਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ, ਸ਼ਹੀਦ ਭਾਈ ਅਮਰੀਕ ਸਿੰਘ ਦੀ ਸਪੁੱਤਰੀ ਬੀਬੀ ਸਤਵੰਤ ਕੌਰ, ਭਰਾ ਭਾਈ ਮਨਜੀਤ ਸਿੰਘ ਭੂਰਾਕੋਹਨਾ, ਸ਼ਹੀਦ ਭਾਈ ਨਛੱਤਰ ਸਿੰਘ ਭਲਵਾਨ ਦੇ ਸਪੁੱਤਰ ਭਾਈ ਭੁਪਿੰਦਰ ਸਿੰਘ ਭਲਵਾਨ, ਜਰਨਲ ਸ਼ੁਬੇਗ ਸਿੰਘ ਦੇ ਭਰਾ ਸ. ਬੇਅੰਤ ਸਿੰਘ, ਸ਼ਹੀਦ ਭਾਈ ਸਤਵੰਤ ਸਿੰਘ ਦੇ ਭਤੀਜੇ ਭਾਈ ਸੁਖਵਿੰਦਰ ਸਿੰਘ ਅਗਵਾਨ, ਸ. ਕੁਲਦੀਪ ਸਿੰਘ ਰੋਡੇ, ਮਾਤਾ ਗੁਰਜੀਤ ਕੌਰ, ਮਾਤਾ ਜਗੀਰ ਕੌਰ ਸਮੇਤ ਸ਼ਹੀਦਾਂ ਦੇ ਕਈ ਪਰਿਵਾਰਕ ਮੈਂਬਰਾਂ ਨੂੰ ਗੁਰੂ ਬਖ਼ਿਸ਼ਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸੇ ਦੌਰਾਨ ਅੱਜ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿੱਖੇ ਜੂਨ 1984 'ਚ ਗੋਲੀ ਲੱਗਣ ਕਾਰਨ ਜ਼ਖ਼ਮੀ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਸੰਗਤਾਂ ਲਈ ਦਰਸ਼ਨਾਂ ਲਈ ਸੁਸ਼ੋਭਿਤ ਕੀਤੇ ਗਏ। ਸਮਾਗਮ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ, ਗਿਆਨੀ ਗੁਰਮਿੰਦਰ ਸਿੰਘ, ਗਿਆਨੀ ਪਰਵਿੰਦਰਪਾਲ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਭਿੱਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਮਨਜੀਤ ਸਿੰਘ, ਸ. ਗੁਰਮੀਤ ਸਿੰਘ ਬੂਹ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਪਾਲ ਸਿੰਘ ਜੱਲ੍ਹਾ, ਭਾਈ ਅਜੈਬ ਸਿੰਘ ਅਭਿਆਸੀ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸਾਬਕਾ ਐਮ.ਪੀ ਸ. ਸਿਮਰਨਜੀਤ ਸਿੰਘ ਮਾਨ, ਸ. ਕੰਵਰਚੜ੍ਹਤ ਸਿੰਘ, ਸ. ਕੰਵਰਪਾਲ ਸਿੰਘ ਦਲ ਖ਼ਾਲਸਾ, ਭਾਈ ਜਸਬੀਰ ਸਿੰਘ ਘੁੰਮਣ, ਭਾਈ ਤਰਸੇਮ ਸਿੰਘ ਮੋਰਾਂਵਾਲੀ, ਸ. ਸੁਖਵਿੰਦਰ ਸਿੰਘ ਅਗਵਾਨ, ਭਾਈ ਤਰਸੇਮ ਸਿੰਘ, ਸ. ਈਮਾਨ ਸਿੰਘ ਮਾਨ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਮੇਜਰ ਸਿੰਘ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਸੁਖਬੀਰ ਸਿੰਘ, ਸ. ਮਨਜੀਤ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਨਰਿੰਦਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ ਆਦਿ ਮੌਜੂਦ ਸਨ।

**ਜੂਨ 1984 ਦੇ ਘੱਲੂਆਰੇ ਦੀ ਪੀੜ੍ਹ ਨੂੰ ਸਿੱਖ ਕਦੇ ਵੀ ਭੁੱਲ ਨਹੀਂ ਸਕਦੇ: ਐਡਵੋਕੇਟ ਧਾਮੀ** - ਜੂਨ 1984 ਦੇ ਘੱਲੂਘਾਰੇ ਦੇ ਸਾਲਾਨਾ ਸਮਾਗਮ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅੱਜ ਤੋਂ 42 ਸਾਲ ਪਹਿਲਾਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸਮੇਂ ਦੀ ਕਾਂਗਰਸ ਸਰਕਾਰ ਨੇ ਸਿੱਖ ਗੁਰਧਾਮਾਂ 'ਤੇ ਫ਼ੌਜੀ ਹਮਲਾ ਕਰਵਾਇਆ, ਜਿਸ ਦਾ ਜਵਾਬ ਦਿੰਦਿਆਂ ਸਿੱਖ ਯੋਧਿਆਂ ਨੇ ਪੁਰਾਣੇ ਸਾਕਿਆਂ ਨੂੰ ਦੁਹਰਾ ਕੇ ਸ਼ਹਾਦਤਾਂ ਪ੍ਰਾਪਤ ਕੀਤੀਆਂ। ਉਨ੍ਹਾਂ ਕਿਹਾ ਕਿ ਇਸ ਫ਼ੌਜੀ ਹਮਲੇ ਸਮੇਂ ਦਰਸ਼ਨਾਂ ਲਈ ਪੁੱਜੇ ਬੇਦੋਸ਼ੇ ਸਿੰਘ/ਸਿੰਘਣੀਆਂ ਅਤੇ ਬਜ਼ੁਰਗਾਂ ਦੀਆਂ ਵੀ ਸ਼ਹਾਦਤਾਂ ਹੋਈਆਂ। ਇਹ ਅਜ਼ਾਦ ਭਾਰਤ ਵਿਚ ਕਾਂਗਰਸ ਦੇ ਮੱਥੇ 'ਤੇ ਵੱਡਾ ਕਲੰਕ ਹੈ, ਜੋ ਕਦੇ ਵੀ ਧੋਤਾ ਨਹੀਂ ਜਾ ਸਕੇਗਾ ਅਤੇ ਸਰਕਾਰ ਦੀਆਂ ਵਧੀਕੀਆਂ ਹਮੇਸ਼ਾ ਯਾਦ ਰਹਿਣਗੀਆਂ। ਐਡਵੋਕੇਟ ਧਾਮੀ ਨੇ ਕਿਹਾ ਕਿ ਹਰ ਸਾਲ ਜੂਨ ਮਹੀਨੇ ਅੰਦਰ ਸਿੱਖ ਕੌਮ ਦੀਆਂ ਭਾਵਨਾਵਾਂ ਗਹਿਰੀ ਪੀੜਾ 'ਚੋਂ ਲੰਘਦੀਆਂ ਹਨ ਅਤੇ ਹਰ ਸੰਜੀਦਾ ਮਨੁੱਖ ਸਰਕਾਰ ਦੀ ਇਸ ਘਟੀਆ ਹਰਕਤ ਨੂੰ ਨਿੰਦਦਾ ਹੈ। ਇਸ ਪੀੜਾ ਨੂੰ ਸਿੱਖ ਕਦੇ ਵੀ ਭੁਲਾ ਨਹੀਂ ਸਕਦੇ। ਉਨ੍ਹਾਂ ਕਿਹਾ ਕਿ ਇਸੇ ਪੀੜਾ ਨੂੰ ਲੈ ਕੇ ਸੰਘਰਸ਼ ਦੇ ਰਾਹ ਤੁਰੇ ਸਾਡੇ ਕਈ ਨੌਜੁਆਨ ਅੱਜ ਵੀ ਲੰਮੇ ਸਮੇਂ ਤੋਂ ਜੇਲ੍ਹਾਂ ਅੰਦਰ ਨਜ਼ਰਬੰਦ ਹਨ, ਪ੍ਰੰਤੂ ਕੌਮ ਦੀਆਂ ਭਾਵਨਾਵਾਂ ਨੂੰ ਸਮਝਣ ਦੀ ਬਜਾਏ ਸਰਕਾਰਾਂ ਨੇ ਕੰਨ ਬੰਦ ਕੀਤੇ ਹੋਏ ਹਨ। ਐਡਵੋਕੇਟ ਧਾਮੀ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਵੱਲੋਂ ਪੁੱਜੇ ਸੁਨੇਹੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਭਾਈ ਸਾਹਿਬ ਆਪਣੇ ਮਾਮਲੇ ਸਬੰਧੀ ਇਕਪਾਸਾ ਚਾਹੁੰਦੇ ਹਨ। ਭਾਈ ਰਾਜੋਆਣਾ ਦੀ ਸਜ਼ਾ ਤਬਦੀਲੀ ਦੀ ਅਪੀਲ 'ਤੇ ਸਰਕਾਰ ਵੱਲੋਂ ਕੋਈ ਫੈਸਲਾ ਨਾ ਕਰਨਾ ਮਨੁੱਖੀ ਅਧਿਕਾਰਾਂ ਦੀ ਵੀ ਵੱਡੀ ਉਲੰਘਣਾ ਹੈ। ਉਨ੍ਹਾਂ ਭਾਈ ਜਗਤਾਰ ਸਿੰਘ ਹਵਾਰਾ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਬਲਵੰਤ ਸਿੰਘ ਖੈੜਾ, ਭਾਈ ਦਵਿੰਦਰਪਾਲ ਸਿੰਘ ਭੁੱਲਰ ਸਮੇਤ ਹੋਰ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕਰਦਿਆਂ ਕਿਹਾ ਕਿ ਉਮਰ ਕੈਦ ਦੀ ਸਜ਼ਾ ਵਾਲੇ ਵਿਅਕਤੀ ਵੱਧ-ਵੱਧ ਤੋਂ 20 ਸਾਲ ਦੀ ਸਜ਼ਾ ਮਗਰੋਂ ਰਿਹਾਅ ਹੋ ਜਾਂਦੇ ਹਨ, ਪਰੰਤੂ ਕਰੀਬ 35 ਸਾਲਾਂ ਤੋਂ ਜੇਲ੍ਹਾਂ 'ਚ ਬੰਦ ਸਿੱਖਾਂ ਨਾਲ ਇਨਸਾਫ਼ ਕਿਉਂ ਨਹੀਂ ਕੀਤਾ ਜਾ ਰਿਹਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਿੱਖ ਮਸਲਿਆਂ ਦੇ ਹੱਲ ਲਈ ਕੌਮ ਨੂੰ ਇਕਜੁਟ ਹੋਣ ਦੀ ਅਪੀਲ ਕੀਤੀ। ••

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਮੌਕੇ

# ਦਮਦਮੀ ਟਕਸਾਲ ਵਿਖੇ ਵਿਸ਼ਾਲ ਪੰਥਕ ਇਕੱਠ, ਸ਼ਹੀਦਾਂ ਨੂੰ ਭਾਵਭਿੰਨੀ ਸ਼ਰਧਾਂਜਲੀ

## ☛ ਸ਼ਹੀਦਾਂ ਦੀ ਕੁਰਬਾਨੀ ਕੌਮ ਦੀ ਅਮੁੱਲੀ ਧਰੋਹਰ: ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ













**ਚੌਂਕ ਮਹਿਤਾ**, 06 **ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਜੂਨ 1984 ਦੇ ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਅੱਜ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਟਕਸਾਲ ਦੇ ਕੇਂਦਰੀ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਮਹਿਤਾ ਵਿਖੇ ਮਨਾਈ ਗਈ। ਇਸ ਮੌਕੇ ਲਾਮਿਸਾਲ ਇਕੱਤਰਤਾ ਰਾਹੀਂ ਸ਼ਹੀਦਾਂ ਨੂੰ ਸਿੱਜਦਾ ਕੀਤਾ ਗਿਆ।

ਅੰਤਰਰਾਸ਼ਟਰੀ ਪੱਧਰ ’ਤੇ ਹੋਏ ਇਸ ਸਮਾਗਮ ਦੌਰਾਨ ਵਿਸ਼ਾਲ ਪੰਥਕ ਇਕੱਠ ਕੀਤਾ ਗਿਆ, ਜਿਸ ਵਿੱਚ ਸੰਤ ਸਮਾਜ ਦੇ ਸੰਤ-ਮਹਾਂਪੁਰਸ਼ਾਂ, ਦਿੱਲੀ ਕਮੇਟੀ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨਾਂ ਤੇ ਮੈਂਬਰਾਂ, ਨਿਹੰਗ ਸਿੰਘ ਜਥੇਬੰਦੀਆਂ ਅਤੇ ਹੋਰ ਸੰਪਰਦਾਵਾਂ ਦੇ ਮੁਖੀਆਂ ਤੋਂ ਇਲਾਵਾ ਬਹੁਤ ਸਾਰੀਆਂ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ ’ਤੇ ਹਾਜ਼ਰੀ ਭਰੀ।

ਇਸ ਮੌਕੇ ਆਪਣੇ ਸ਼ਹੀਦਾਂ ਦੇ ਸਤਿਕਾਰ ’ਚ ਆਪ ਮੁਹਾਰੇ ਵਹੀਰਾਂ ਘੱਤ ਕੇ ਲੱਖਾਂ ਦੀ ਗਿਣਤੀ ਵਿੱਚ ਦਮਦਮੀ ਟਕਸਾਲ ਪੁੱਜੀਆਂ ਸੰਗਤਾਂ ਨੇ ਇਸ ਗੱਲ ਦੀ ਪ੍ਰੋੜ੍ਹਤਾ ਕੀਤੀ ਕਿ ਦਮਦਮੀ ਟਕਸਾਲ ਜਥਾ ਭਿੰਡਰਾਂ ਨੇ ਆਪਣੀ ਰਹਿਤ ਮਰਯਾਦਾ ਅਤੇ ਸਿਧਾਂਤਾਂ ਨੂੰ ਇੰਨ-ਬਿੰਨ ਕਾਇਮ ਰੱਖਿਆ ਹੈ ਅਤੇ ਆਪਣੇ ਅਸੂਲਾਂ ’ਤੇ ਚੱਲਦਿਆਂ ਹਮੇਸ਼ਾਂ ਆਪਣੀ ਉੱਚੀ ਤੇ ਸੱਚੀ-ਸੁੱਚੀ ਸੋਚ ’ਤੇ ਡੱਟ ਕੇ ਪਹਿਰਾ ਦਿੱਤਾ ਹੈ।

ਇਸ ਮੌਕੇ ਸੰਤ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ ਤੋਂ ਇਲਾਵਾ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਅਤੇ ਬੰਦੀ ਸਿੰਘਾਂ ਤੇ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਕੀਤਾ ਗਿਆ। ਇਸ ਵਾਰ ਵਿਸ਼ੇਸ਼ ‘ਸੇਵਾ ਰਤਨ ਸਨਮਾਨ’ ਸੰਤ ਬਾਬਾ ਰਾਮ ਸਿੰਘ ਰਿਸ਼ੀਕੇਸ਼ ਨੂੰ ਦਿੱਤਾ ਗਿਆ।

ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਗੁਰੂ ਕਾਲ ਤੋਂ ਬਾਅਦ ਜੇ ਕਿਸੇ ਮਹਾਨ ਸਿੱਖ ਸ਼ਖਸੀਅਤ ਨੂੰ ਸਭ ਤੋਂ ਵੱਧ ਸਤਿਕਾਰ ਅਤੇ ਸਨਮਾਨ ਪ੍ਰਾਪਤ ਹੋਇਆ ਹੈ, ਤਾਂ ਉਹ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਹਿੱਸੇ ਆਇਆ ਹੈ। ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਵਰਗੇ ਸੂਰਬੀਰ ਯੋਧੇ, ਪਰਉਪਕਾਰੀ ਅਤੇ ਗੁਰਸਿੱਖ ਵਿਰਲੇ ਹੀ ਹੁੰਦੇ ਹਨ, ਜਿਨ੍ਹਾਂ ਨੂੰ ਗੁਰੂ ਮਹਾਰਾਜ ਵੱਲੋਂ ਵਿਸ਼ੇਸ਼ ਬਖ਼ਿਸ਼ਸ਼ਾਂ ਅਤੇ ਗੁਣਾਂ ਨਾਲ ਨਿਵਾਜਿਆ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਜੂਨ 1984 ਵਿੱਚ ਸਿੱਖ ਕੌਮ ਦੀ ਅਣਖ ਨੂੰ ਮਲੀਆਮੇਟ ਕਰਨ ਲਈ ਬੜੀ ਸੋਚੀ-ਸਮਝੀ ਸਾਜ਼ਿਸ਼ ਤਹਿਤ ਤਤਕਾਲੀ ਇੰਦਰਾ ਗਾਂਧੀ ਦੀ ਕਾਂਗਰਸ ਹਕੂਮਤ ਵੱਲੋਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ 37 ਗੁਰਦੁਆਰਿਆਂ ਉੱਤੇ ਹਮਲਾ ਕੀਤਾ ਗਿਆ ਸੀ। ਇਸ ਦੌਰਾਨ ਆਪਣੇ ਗੁਰਧਾਮਾਂ ਦੀ ਰੱਖਿਆ ਕਰਦਿਆਂ ਦਮਦਮੀ ਟਕਸਾਲ ਦੇ ਸੂਰਬੀਰ ਯੋਧਿਆਂ ਨੇ ਡੱਟ ਕੇ ਜਬਰ ਤੇ ਜ਼ੁਲਮ ਦਾ ਸਾਹਮਣਾ ਕੀਤਾ ਅਤੇ ਸਰਕਾਰੀ ਹੁਕਮਾਂ ਅੱਗੇ ਝੁਕਣ ਦੀ ਬਜਾਏ ਹੱਸਦਿਆਂ ਸ਼ਹਾਦਤਾਂ ਦਾ ਜਾਮ ਪੀਤਾ। ਇਸ ਫ਼ੌਜੀ ਹਮਲੇ ਦੌਰਾਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਆਈਆਂ ਸੈਂਕੜੇ ਬੇਕਸੂਰ ਸੰਗਤਾਂ ਵੀ ਇਸ ਸਰਕਾਰੀ ਤਸ਼ੱਦਦ ਦਾ ਸ਼ਿਕਾਰ ਹੋਈਆਂ।

ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਨੇ ਉਸ ਸਮੇਂ ਸਿੱਖ ਨੌਜਵਾਨਾਂ ਨੂੰ ਗੁਰਸਿੱਖੀ ਵੱਲ ਪ੍ਰੇਰਿਤ ਕੀਤਾ, ਜਦੋਂ ਸਿੱਖੀ ਤੋਂ ਦੂਰ ਜਾਣ ਦਾ ਰੁਝਾਨ ਵਧ ਰਿਹਾ ਸੀ। ਉਨ੍ਹਾਂ ਨੇ ਸਿੱਖ ਕੌਮ ਦੇ ਰੁਖ਼ ਨੂੰ ਮੁੜ ਗੁਰਸਿੱਖੀ, ਗੁਰਬਾਣੀ ਅਤੇ ਪੰਥਕ ਚੇਤਨਾ ਵੱਲ ਮੋੜਨ ਵਿੱਚ ਅਹਿਮ ਭੂਮਿਕਾ ਨਿਭਾਈ।

ਇਸ ਮੌਕੇ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਬੇਅਦਬੀ ਅਤੇ ਬੇਹੁਰਮਤੀ ਦਾ ਬਦਲਾ ਲੈਣ ਵਾਲੇ ਭਾਈ ਕੇਹਰ ਸਿੰਘ ਜੀ, ਭਾਈ ਬੇਅੰਤ ਸਿੰਘ ਜੀ ਅਤੇ ਭਾਈ ਸਤਵੰਤ ਸਿੰਘ ਜੀ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ ਅਤੇ ਕੌਮ ਪ੍ਰਤੀ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ।

ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕੇਂਦਰ ਸਰਕਾਰ ਤੋਂ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਨਾਲ ਸਬੰਧਿਤ ਲੰਬੇ ਸਮੇਂ ਤੋਂ ਲਟਕਦੇ ਮਸਲਿਆਂ ਦੇ ਹੱਲ ਲਈ ਵੀ ਠੋਸ ਅਤੇ ਗੰਭੀਰ ਕਦਮ ਚੁੱਕੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਨਸਾਫ਼, ਸੰਵਾਦ ਅਤੇ ਸੰਵਿਧਾਨਕ ਹੱਕਾਂ ਦੇ ਸਤਿਕਾਰ ਰਾਹੀਂ ਹੀ ਪੰਜਾਬ ਅਤੇ ਦੇਸ਼ ਦੀ ਏਕਤਾ ਅਤੇ ਸ਼ਾਂਤੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਮੌਕੇ

# ਦਮਦਮੀ ਟਕਸਾਲ ਵਿਖੇ ਵਿਸ਼ਾਲ ਪੰਥਕ ਇਕੱਠ, ਸ਼ਹੀਦਾਂ ਨੂੰ ਭਾਵਭਿੰਨੀ ਸ਼ਰਧਾਂਜਲੀ

## ☛ ਸੰਤ ਭਿੰਡਰਾਂਵਾਲਿਆਂ ਦੀ ਸ਼ਹਾਦਤ ਤੇ ਵਿਰਾਸਤ ਨੂੰ ਸਮਰਪਿਤ ਵਿਸ਼ਾਲ ਸਮਾਗਮ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਦੀ ਉੱਠੀ ਮੰਗ







(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਜੀ ਅਤੇ ਸਿੰਘ ਸਾਹਿਬ ਭਾਈ ਪਿੰਦਰਪਾਲ ਸਿੰਘ ਜੀ, ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ ਸਿੰਘਾਂ ਨੇ ਗੁਰਧਾਮਾਂ ਦੀ ਰੱਖਿਆ ਖ਼ਾਤਰ ਚੜ੍ਹ ਕੇ ਆਈ ਭਾਰਤੀ ਫ਼ੌਜ ਦਾ ਟਾਕਰਾ ਕਰਦਿਆਂ ਸ਼ਹੀਦੀਆਂ ਪ੍ਰਾਪਤ ਕੀਤੀਆਂ, ਪਰ ਈਨ ਨਾ ਮੰਨੀ। ਉਨ੍ਹਾਂ ਕਿਹਾ ਕਿ ਇਹ ਮਾਣਮੱਤੀ ਸ਼ਹੀਦੀਆਂ ਦਮਦਮੀ ਟਕਸਾਲ ਦੀ ਵਿਰਾਸਤ ਹਨ ਅਤੇ ਇਸ ਸੰਸਥਾ ਦਾ ਇਤਿਹਾਸ ਅਜਿਹੀਆਂ ਸ਼ਹੀਦੀਆਂ ਨਾਲ ਭਰਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਜਥੇਬੰਦੀ ਨੇ ਹਮੇਸ਼ਾਂ ਸਾਰਥਕ ਭੂਮਿਕਾ ਨਿਭਾਈ ਹੈ ਅਤੇ ਸਿਧਾਂਤਾਂ 'ਤੇ ਚੱਲਦਿਆਂ ਬਾਣੀ ਤੇ ਬਾਣੇ ਦਾ ਸਤਿਕਾਰ ਬਰਕਰਾਰ ਰੱਖਦੇ ਹੋਏ 'ਸ਼ਬਦ' ਗੁਰੂ ਦੇ ਪ੍ਰਚਾਰ ਅਤੇ 'ਪੰਥ' ਦੇ ਪ੍ਰਸਾਰ ਲਈ ਵੱਡੀਆਂ ਸੇਵਾਵਾਂ ਕੀਤੀਆਂ ਹਨ, ਜੋ ਨਿਰੰਤਰ ਜਾਰੀ ਹਨ।

ਪਾਵਨ ਤਖ਼ਤ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਵੰਤ ਸਿੰਘ ਜੀ ਵੱਲੋਂ ਪਹੁੰਚੇ ਗਿਆਨੀ ਸਰਬਜੀਤ ਸਿੰਘ ਜੀ ਨੇ ਆਪਣੇ ਸੰਬੋਧਨ ਦੌਰਾਨ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਨਾਂਦੇੜ ਸਾਹਿਬ ਦੀ ਪਵਿੱਤਰ ਧਰਤੀ ਉੱਤੇ ਕੀਤੀ ਗਈ ਬੰਦਗੀ ਅਤੇ ਸੇਵਾ ਦਾ ਵਿਸ਼ੇਸ਼ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਪੰਥ ਦੀ ਚੜ੍ਹਦੀ ਕਲਾ ਅਤੇ ਸਿੱਖ ਕੌਮ ਦੀ ਅਣਖ ਦੀ ਰੱਖਿਆ ਲਈ ਸੰਤ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀਆਂ ਨੇ ਵੱਡੀਆਂ ਕੁਰਬਾਨੀਆਂ ਅਤੇ ਸ਼ਹਾਦਤਾਂ ਦਿੱਤੀਆਂ। ਉਨ੍ਹਾਂ ਨੇ ਚੜ੍ਹ ਕੇ ਆਈ ਫ਼ੌਜ ਦਾ ਦ੍ਰਿੜ੍ਹਤਾ ਅਤੇ ਦਲੇਰੀ ਨਾਲ ਮੁਕਾਬਲਾ ਕਰਦਿਆਂ ਮੂੰਹ-ਤੋੜ ਜਵਾਬ ਦਿੱਤਾ। ਗਿਆਨੀ ਸਰਬਜੀਤ ਸਿੰਘ ਜੀ ਨੇ ਕਿਹਾ ਕਿ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਵਿੱਚ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਜੀ ਦੇ ਨਿਰੰਤਰ ਯਤਨਾਂ ਸਦਕਾ ਪੰਥਕ ਚੇਤਨਾ, ਗੁਰਮਤਿ ਪ੍ਰਚਾਰ ਅਤੇ ਸਿੱਖ ਸਰੋਕਾਰਾਂ ਪ੍ਰਤੀ ਵਿਸ਼ੇਸ਼ ਜਾਗਰੂਕਤਾ ਆਈ ਹੈ। ਉਨ੍ਹਾਂ ਦੇ ਯਤਨਾਂ ਨੇ ਸਿੱਖ ਸੰਗਤਾਂ ਨੂੰ ਗੁਰੂ ਘਰ ਅਤੇ ਪੰਥ ਨਾਲ ਹੋਰ ਮਜ਼ਬੂਤੀ ਨਾਲ ਜੋੜਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਨੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਟਕਸਾਲ ਅੱਜ ਵੀ ਬਾਣੀ, ਬਾਣੇ ਅਤੇ ਸਿੱਖ ਸਿਧਾਂਤਾਂ ਨਾਲ ਸੰਗਤਾਂ ਨੂੰ ਜੋੜਨ ਦਾ ਮਹਾਨ ਕਾਰਜ ਨਿਰੰਤਰ ਨਿਭਾ ਰਹੀ ਹੈ ਅਤੇ ਸਿੱਖੀ ਦੀ ਚੜ੍ਹਦੀ ਕਲਾ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਦਾ ਦੇਸ਼-ਵਿਦੇਸ਼ ਵਿੱਚ ਵਿਸ਼ਾਲ ਪ੍ਰਭਾਵ ਹੈ ਅਤੇ ਇਹ ਸੰਸਥਾ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਅਤੇ ਪੰਥਕ ਚੇਤਨਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਸੰਤ ਬਾਬਾ ਹਰਨਾਮ ਸਿੰਘ ਖ਼ਾਲਸਾ ਜੀ ਨੇ ਹਮੇਸ਼ਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਹਿਯੋਗ ਦਿੱਤਾ ਹੈ ਅਤੇ ਪੰਥਕ ਮਸਲਿਆਂ 'ਤੇ ਅਹਿਮ ਭੂਮਿਕਾ ਨਿਭਾਈ ਹੈ। ਸਰਦਾਰ ਧਾਮੀ ਨੇ ਕੌਮ ਨੂੰ ਇੱਕਜੁੱਟ ਹੋਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਬੰਦੀ ਸਿੰਘਾਂ ਦੀ ਰਿਹਾਈ ਲਈ ਪੁਰਜ਼ੋਰ ਯਤਨਾਂ ਦੀ ਵਕਾਲਤ ਕੀਤੀ।

ਸਰਦਾਰ ਧਾਮੀ ਨੇ ਦਮਦਮੀ ਟਕਸਾਲ ਦੇ ਸ਼ਾਨਾਮੱਤੇ ਇਤਿਹਾਸ 'ਤੇ ਰੌਸ਼ਨੀ ਪਾਉਂਦਿਆਂ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਨੂੰ 'ਪਾਰਸ ਪੁਰਸ਼' ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਨੇ ਆਪਣੀ ਸੰਗਤ ਅਤੇ ਵਿਚਾਰਧਾਰਾ ਨਾਲ ਅਨੇਕਾਂ ਨੌਜਵਾਨਾਂ ਦੀ ਜ਼ਿੰਦਗੀ ਨੂੰ ਬਦਲ ਕੇ ਉਨ੍ਹਾਂ ਨੂੰ ਗੁਰਸਿੱਖੀ ਨਾਲ ਜੋੜਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਧਾਮੀ ਨੇ ਕਿਹਾ ਕਿ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ 'ਤੇ ਚੜ੍ਹ ਕੇ ਆਈ ਫ਼ੌਜ ਦਾ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀਆਂ ਨੇ ਅਦੁੱਤੀ ਦਲੇਰੀ ਅਤੇ ਦ੍ਰਿੜ੍ਹਤਾ ਨਾਲ ਟਾਕਰਾ ਕੀਤਾ ਅਤੇ ਸ਼ਹਾਦਤ ਪ੍ਰਾਪਤ ਕਰਦਿਆਂ ਬਾਬਾ ਦੀਪ ਸਿੰਘ ਜੀ ਦੀ ਮਹਾਨ ਵਿਰਾਸਤ ਅਤੇ ਰੂਹਾਨੀ ਪਰੰਪਰਾ ਨੂੰ ਕਾਇਮ ਰੱਖਿਆ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਆਪਣੇ ਸੰਬੋਧਨ ਦੌਰਾਨ ਬੰਦੀ ਸਿੱਖਾਂ ਦੀ ਰਿਹਾਈ ਦੀ ਜ਼ੋਰਦਾਰ ਵਕਾਲਤ ਕੀਤੀ। ਉਨ੍ਹਾਂ ਪੰਜਾਬ ਵਿੱਚ ਹੋ ਰਹੇ ਗੈਰ-ਕਾਨੂੰਨੀ ਧਰਮ ਪਰਿਵਰਤਨ 'ਤੇ ਗੰਭੀਰ ਚਿੰਤਾ ਪ੍ਰਗਟਾਈ। ਉਨ੍ਹਾਂ ਪੰਥਕ ਅਤੇ ਧਾਰਮਿਕ ਕਾਰਜਾਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਨੂੰ ਭਰੋਸਾ ਦਿਵਾਇਆ ਕਿ ਦਿੱਲੀ ਕਮੇਟੀ ਸਿੱਖ ਸਰੋਕਾਰਾਂ ਦੀ ਰੱਖਿਆ ਅਤੇ ਪ੍ਰਚਾਰ ਲਈ ਸ਼੍ਰੋਮਣੀ ਕਮੇਟੀ ਨੂੰ ਹਰ ਸੰਭਵ ਸਹਿਯੋਗ ਦੇਵੇਗੀ। ਇਸ ਦੇ ਨਾਲ ਹੀ ਉਨ੍ਹਾਂ ਧਰਮ ਪ੍ਰਚਾਰ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇੱਕ ਸਾਂਝੀ ਕਮੇਟੀ ਦੇ ਗਠਨ ਦਾ ਸੁਝਾਅ ਵੀ ਦਿੱਤਾ।

ਮਹਾਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਜੀ ਵੱਲੋਂ ਪਹੁੰਚੇ ਸ੍ਰੀ ਗਿਰੀਸ਼ ਮਹਾਜਨ ਜੀ, ਜਲ ਸਰੋਤ ਮੰਤਰੀ, ਮਹਾਰਾਸ਼ਟਰ ਸਰਕਾਰ ਨੇ 6 ਜੂਨ ਨੂੰ ਸਿੱਖ ਇਤਿਹਾਸ ਦਾ ਇੱਕ ਕਾਲਾ ਦਿਨ ਕਰਾਰ ਦਿੱਤਾ ਅਤੇ ਕਿਹਾ ਕਿ ਇਸ ਦਿਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਸ੍ਰੀ ਹਰਿਮੰਦਰ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਹਜ਼ਾਰਾਂ ਬੇਗੁਨਾਹ ਲੋਕਾਂ ਦੀ ਸ਼ਹਾਦਤ ਲਈ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਗ਼ਲਤੀ ਅਤੇ ਪਾਪ ਦਾ ਹੀ ਨਤੀਜਾ ਹੈ ਕਿ ਕਾਂਗਰਸ ਦਾ ਦੇਸ਼ ਭਰ ਵਿੱਚੋਂ ਲਗਾਤਾਰ ਸਫ਼ਾਇਆ ਹੋ ਰਿਹਾ ਹੈ। ਉਨ੍ਹਾਂ ਮਹਾਰਾਸ਼ਟਰ ਵਿੱਚ ਸਿੱਖ ਭਾਈਚਾਰੇ ਦੀ ਭਲਾਈ, ਧਾਰਮਿਕ ਅਧਿਕਾਰਾਂ ਦੀ ਰੱਖਿਆ ਅਤੇ ਸਮਾਜਿਕ ਵਿਕਾਸ ਲਈ ਰਾਜ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਬਾਰੇ ਵੀ ਚਾਨਣਾ ਪਾਇਆ।

ਆਪਣੇ ਸੰਬੋਧਨ 'ਚ ਪੰਥ ਦੇ ਉੱਘੇ ਸਿੱਖ ਪ੍ਰਚਾਰਕ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਵਾਲਿਆਂ ਨੇ ਕਿਹਾ ਕਿ ਸਾਕਾ ਨੀਲਾ ਤਾਰਾ ਹਕੂਮਤ ਵੱਲੋਂ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਦੀ ਕਾਰਵਾਈ ਸੀ, ਪਰ ਦੇਸ਼ ਦਾ ਬਹੁਗਿਣਤੀ ਭਾਈਚਾਰਾ ਇਹ ਭੁੱਲ ਰਿਹਾ ਹੈ ਕਿ ਦੇਸ਼ ਦੀ ਆਜ਼ਾਦੀ ਲਈ ਸਿੱਖਾਂ ਨੇ 80 ਫ਼ੀਸਦੀ ਕੁਰਬਾਨੀਆਂ ਕੀਤੀਆਂ ਹਨ ਅਤੇ ਜੇ ਸਿੱਖ ਇੰਨੀ ਵੱਡੀ ਗਿਣਤੀ ਵਿੱਚ ਕੁਰਬਾਨੀਆਂ ਨਾ ਕਰਦੇ ਤਾਂ ਅੱਜ ਹਿੰਦੁਸਤਾਨ ਦਾ ਨਕਸ਼ਾ ਕੁਝ ਹੋਰ ਹੁੰਦਾ।

ਇਸ ਸਮਾਗਮ ਦੌਰਾਨ ਉੱਘੇ ਸਿੱਖ ਵਿਦਵਾਨ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣਾਂ ਵਾਲੇ, ਸੰਤ ਬਾਬਾ ਲਖਬੀਰ ਸਿੰਘ ਰਤਵਾੜਾ ਸਾਹਿਬ ਵਾਲੇ, ਬਾਬਾ ਗੁਰਪ੍ਰੀਤ ਸਿੰਘ ਰੰਧਾਵਾ, ਭਾਈ ਹਰਜਿੰਦਰ ਸਿੰਘ ਰਾੜਾ ਸਾਹਿਬ, ਬਾਬਾ ਨਿਹੰਗ ਮੇਜਰ ਸਿੰਘ ਸੋਢੀ, ਰਜਿੰਦਰ ਸਿੰਘ ਮਹਿਤਾ ਤੋਂ ਇਲਾਵਾ ਬਹੁਤ ਸਾਰੇ ਬੁਲਾਰਿਆਂ ਨੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਦਮਦਮੀ ਟਕਸਾਲ ਵੱਲੋਂ ਕੌਮ ਪ੍ਰਤੀ ਨਿਭਾਈਆਂ ਜਾ ਰਹੀਆਂ ਅਹਿਮ ਸੇਵਾਵਾਂ ਲਈ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਸ਼ਲਾਘਾ ਕਰਦਿਆਂ ਹਰ ਪੱਖੋਂ ਟਕਸਾਲ ਦਾ ਸਾਥ ਦੇਣ ਦਾ ਭਰੋਸਾ ਦਿੱਤਾ।

ਇਸ ਸਮਾਗਮ ਦੌਰਾਨ ਸਮੂਹ ਬੁਲਾਰਿਆਂ ਨੇ ਦਮਦਮੀ ਟਕਸਾਲ ਵੱਲੋਂ ਬਾਣੀ ਅਤੇ ਬਾਣੇ ਦੇ ਪ੍ਰਚਾਰ-ਪ੍ਰਸਾਰ ਲਈ ਨਿਭਾਈਆਂ ਜਾ ਰਹੀਆਂ ਵਿਸ਼ਾਲ ਪੰਥਕ ਸੇਵਾਵਾਂ ਲਈ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਜਿੱਥੇ ਦਮਦਮੀ ਟਕਸਾਲ ਸ਼ਹਾਦਤਾਂ ਦੇਣ ਵਿੱਚ ਮੋਹਰੀ ਰਹੀ ਹੈ, ਉੱਥੇ ਹੀ ਪੰਥਕ ਪੱਧਰ 'ਤੇ ਵੀ ਇਸ ਨੇ ਅਗਵਾਈ ਕਰਦਿਆਂ ਵੱਡੀਆਂ ਸੇਵਾਵਾਂ ਨਿਭਾਈਆਂ ਹਨ।

ਉਨ੍ਹਾਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਸ਼ਹੀਦੀ ਗੈਲਰੀ ਦੀ ਸਥਾਪਨਾ, ਸ਼ਹੀਦੀ ਗੈਲਰੀ ਅੰਦਰ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀਆਂ ਤਸਵੀਰਾਂ ਸਥਾਪਿਤ ਕਰਨ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਰਥਾਂ ਦਾ 16 ਭਾਗਾਂ ਵਿੱਚ ਸਟੀਕ ਪ੍ਰਕਾਸ਼ਿਤ ਕਰਨ ਅਤੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਅਸਥਾਨ ਦੇ ਸੁੰਦਰੀਕਰਨ ਲਈ ਨਿਭਾਈ ਜਾ ਰਹੀ ਸੇਵਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਦਮਦਮੀ ਟਕਸਾਲ ਇੱਕ ਵਿਲੱਖਣ ਅਤੇ ਨਿਰਾਲੀ ਸੰਸਥਾ ਹੈ ਅਤੇ ਗੁਰੂ ਦੀ ਅਪਾਰ ਕਿਰਪਾ ਨਾਲ ਇਹ ਮਹੱਤਵਪੂਰਨ ਸੇਵਾਵਾਂ ਇਸ ਸੰਸਥਾ ਦੇ ਹਿੱਸੇ ਆਈਆਂ ਹਨ।

ਉਨ੍ਹਾਂ ਕੌਮ ਖ਼ਾਤਰ ਕੁਰਬਾਨੀਆਂ ਕਰਨ ਵਾਲੇ ਸਿੰਘਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਾਰ ਲੈਣ ਲਈ ਦਮਦਮੀ ਟਕਸਾਲ ਦੇ ਮੁਖੀ ਦੀ ਜ਼ੋਰਦਾਰ ਸ਼ਲਾਘਾ ਕਰਦਿਆਂ ਕਿਹਾ ਕਿ ਦਮਦਮੀ ਟਕਸਾਲ ਅੱਜ ਵੀ ਗੁਰੂ ਸਾਹਿਬਾਨ ਦੇ ਆਸੇ ਦੀ ਪੂਰਤੀ ਲਈ ਨਿਰੰਤਰ ਕਾਰਜਸ਼ੀਲ ਹੈ।

ਸਟੇਜ ਦੀ ਸੇਵਾ ਭਾਈ ਰਣਧੀਰ ਸਿੰਘ ਅਤੇ ਗਿਆਨੀ ਸਾਹਿਬ ਸਿੰਘ ਨੇ ਨਿਭਾਈ। ਸਮਾਗਮ 'ਚ ਸੰਤ ਬਾਬਾ ਪ੍ਰੀਤਮ ਸਿੰਘ ਜੀ ਆਗਰੇ ਵਾਲੇ ਮਹਾਂਪੁਰਖਾਂ ਦੀ ਤਰਫ਼ੋਂ ਪਹੁੰਚੇ ਬਾਬਾ ਰਜਿੰਦਰ ਸਿੰਘ ਜੀ ਆਗਰੇ ਵਾਲੇ, ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵਾਲੇ, ਸੰਤ ਬਾਬਾ ਅਮਰ ਸਿੰਘ ਜੀ ਰਾੜਾ ਸਾਹਿਬ ਵਾਲੇ, ਸੰਤ ਬਾਬਾ ਗੁਰਬਚਨ ਸਿੰਘ ਜੀ ਘੁੜਾਣੀ ਵਾਲੇ,

ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਮੌਕੇ

# ਦਮਦਮੀ ਟਕਸਾਲ ਵਿਖੇ ਵਿਸ਼ਾਲ ਪੰਥਕ ਇਕੱਠ, ਸ਼ਹੀਦਾਂ ਨੂੰ ਭਾਵਭਿੰਨੀ ਸ਼ਰਧਾਂਜਲੀ

## ☛ ਸੰਤ ਭਿੰਡਰਾਂਵਾਲਿਆਂ ਦੀ ਵਿਰਾਸਤ ਸਿੱਖ ਕੌਮ ਲਈ ਪ੍ਰੇਰਨਾ ਸਰੋਤ: ਹਰਜਿੰਦਰ ਸਿੰਘ ਧਾਮੀ















ਸਰਦਾਰ ਸਤਵਿੰਦਰ ਸਿੰਘ ਟੌਹੜਾ (ਮੈਂਬਰ ਸ਼੍ਰੋਮਣੀ ਕਮੇਟੀ), ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਜਥੇਦਾਰ ਕਸ਼ਮੀਰ ਸਿੰਘ ਬਰਿਆਰ, ਭਾਈ ਅਮਰਜੀਤ ਸਿੰਘ ਚਾਵਲਾ, ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਅਮਰਬੀਰ ਸਿੰਘ ਢੋਟ, ਲਖਬੀਰ ਸਿੰਘ ਸੇਖੋਂ, ਭਾਈ ਸ਼ਮਸ਼ੇਰ ਸਿੰਘ ਜੇਠੂਵਾਲ, ਬਾਬਾ ਮਨਜੀਤ ਸਿੰਘ ਜੀ ਭੋਰਾ ਸਾਹਿਬ ਵਾਲੇ, ਭਾਈ ਮਨਜੀਤ ਸਿੰਘ ਭੋਮਾ, ਸੰਤ ਬਾਬਾ ਬੀਰ ਸਿੰਘ ਜੀ ਜੌੜਾ ਸਾਹਿਬ ਵਾਲੇ, ਸੰਤ ਬਾਬਾ ਮਹਿੰਦਰ ਸਿੰਘ ਜੀ ਲੰਮੇ ਸਾਹਿਬ ਵਾਲੇ, ਭਾਈ ਹਰਦੀਪ ਸਿੰਘ ਜੀ, ਸੰਤ ਬਾਬਾ ਰੋਸ਼ਨ ਸਿੰਘ ਜੀ ਧਰੌਵਾਲ ਵਾਲੇ, ਭਾਈ ਮਨਦੀਪ ਸਿੰਘ ਜੀ ਅਤਰਸਰ ਸਾਹਿਬ ਵਾਲੇ, ਸੰਤ ਬਾਬਾ ਕਾਕਾ ਸਿੰਘ ਜੀ ਮਸਤੂਆਣਾ ਸਾਹਿਬ ਵਾਲੇ, ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਬੰਦੀ ਸਿੰਘ ਭਾਈ ਹਰਨੇਕ ਸਿੰਘ ਜੀ ਭੱਪ, ਭਾਈ ਲਾਲ ਸਿੰਘ ਜੀ ਅਕਾਲਗੜ੍ਹ, ਭਾਈ ਸਤਵੰਤ ਸਿੰਘ ਜੀ (ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ ਜੀ), ਸ਼ਹੀਦ ਭਾਈ ਜਸਵਿੰਦਰ ਸਿੰਘ ਜੀ ਮਨਾਵਾਂ (ਮੋਗਾ) ਦੇ ਭਰਾਤਾ ਭਾਈ ਬਲਵਿੰਦਰ ਸਿੰਘ ਜੀ, ਭਾਈ ਅਮਰਜੀਤ ਸਿੰਘ ਜੀ ਚਹੇੜੂ ਦੇ ਭਰਾਤਾ ਭਾਈ ਮਨਵੀਰ ਸਿੰਘ ਜੀ, ਭਾਈ ਪਰਮਜੀਤ ਸਿੰਘ ਜੀ ਚਹੇੜੂ ਦੇ ਪਰਿਵਾਰਕ ਮੈਂਬਰ, ਭਾਈ ਲਖਵਿੰਦਰ ਸਿੰਘ ਜੀ ਨਾਰੰਗਵਾਲ, ਭਾਈ ਪਰਮਜੀਤ ਸਿੰਘ ਜੀ ਭਿਓਰਾ ਦੇ ਭਰਾਤਾ ਭਾਈ ਅਵਤਾਰ ਸਿੰਘ ਜੀ ਅਤੇ ਭਾਈ ਗੁਰਦੀਪ ਸਿੰਘ ਜੀ ਦੀ ਧਰਮ ਪਤਨੀ ਬੀਬੀ ਸੁਰਜੀਤ ਕੌਰ ਜੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

ਇਸ ਮੌਕੇ ਸੰਤ ਬਾਬਾ ਪ੍ਰੀਤਮ ਸਿੰਘ ਜੀ ਆਗਰੇ ਵਾਲਿਆਂ ਦੇ ਸੇਵਾਦਾਰ ਜਥੇਦਾਰ ਬਾਬਾ ਰਜਿੰਦਰ ਸਿੰਘ ਜੀ, ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ, ਗਿਆਨੀ ਗੁਰਦੇਵ ਸਿੰਘ ਜੀ ਹੈੱਡ ਗ੍ਰੰਥੀ ਸ੍ਰੀ ਪਾਉਂਟਾ ਸਾਹਿਬ, ਸੰਤ ਬਾਬਾ ਬਲਦੇਵ ਸਿੰਘ ਜੀ ਜੋਗੇਵਾਲ ਵਾਲਿਆਂ ਦੀ ਤਰਫੋਂ ਗਿਆਨੀ ਹਰਪ੍ਰੀਤ ਸਿੰਘ ਜੀ, ਗਿਆਨੀ ਪ੍ਰਗਟ ਸਿੰਘ ਜੀ ਭੀਲੋਵਾਲ, ਭਾਈ ਮੱਖਣ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਅਜੈਬ ਸਿੰਘ ਜੀ ਅਭਿਆਸੀ, ਸੰਤ ਬਾਬਾ ਦਰਸ਼ਨ ਸਿੰਘ ਜੀ ਕੁੱਲੀ ਵਾਲੇ, ਸੰਤ ਬਾਬਾ ਪ੍ਰਤਾਪ ਸਿੰਘ ਜੀ ਬਾਜਪੁਰ ਵਾਲੇ, ਸੰਤ ਬਾਬਾ ਦਰਸ਼ਨ ਸਿੰਘ ਜੀ ਘੋੜੇਵਾਹ ਵਾਲੇ, ਸੰਤ ਬਾਬਾ ਕਰਮਜੀਤ ਸਿੰਘ ਜੀ ਟਿੱਬਾ ਸਾਹਿਬ (ਹੁਸ਼ਿਆਰਪੁਰ), ਸੰਤ ਬਾਬਾ ਮਹਾਵੀਰ ਸਿੰਘ ਜੀ ਧਾਲੀਵਾਲ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਜੀ ਖਜਾਲਾ ਵਾਲੇ, ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਵਾਲੇ, ਸੰਤ ਬਾਬਾ ਵਰਿੰਦਰ ਮੁਨੀ ਜੀ ਫੇਰੂਮਾਣ ਵਾਲੇ, ਸੰਤ ਬਾਬਾ ਮਹੇਸ਼ ਮੁਨੀ ਜੀ ਬੜਾ ਅਖਾੜਾ ਕੁਰੂਕਸ਼ੇਤਰ ਵਾਲੇ, ਸੰਤ ਰਾਮ ਮੁਨੀ ਜੀ ਸੇਰੋਂ ਵਾਲੇ, ਸੰਤ ਬਾਬਾ ਅਮਰਜੀਤ ਸਿੰਘ ਜੀ ਹਰਖੋਵਾਲ ਵਾਲੇ, ਭਾਈ ਹਰਪਾਲ ਸਿੰਘ ਜੀ, ਸੰਤ ਬਾਬਾ ਜੋਗਿੰਦਰ ਸਿੰਘ ਜੀ ਰਗੜੇ ਵਾਲੇ, ਸੰਤ ਬਾਬਾ ਅਮਨਦੀਪ ਸਿੰਘ ਜੀ, ਟਕਸਾਲ ਸ਼ਹੀਦ ਭਾਈ ਮਣੀ ਸਿੰਘ ਜੀ, ਬਾਬਾ ਨਰਿੰਦਰ ਸਿੰਘ ਜੀ ਗੁਰਦੁਆਰਾ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ (ਮੋਹਾਲੀ), ਬਾਬਾ ਕੁਲਦੀਪ ਸਿੰਘ ਜੀ ਗੁਰਦੁਆਰਾ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ (ਮੋਹਾਲੀ), ਭਾਈ ਲਖਬੀਰ ਸਿੰਘ ਜੀ ਕਲਕੱਤਾ ਵਾਲੇ, ਭਾਈ ਇੰਦਰਜੀਤ ਸਿੰਘ ਜੀ ਐਨ.ਆਰ.ਆਈ., ਭਾਈ ਮਲਕੀਤ ਸਿੰਘ ਜੀ ਨਿਊਜ਼ੀਲੈਂਡ ਵਾਲੇ, ਗਿਆਨੀ ਸੁਰਜੀਤ ਸਿੰਘ ਜੀ ਸੋਧੀ, ਬਾਬਾ ਧਿਆਨ ਦਾਸ ਜੀ ਪਟਿਆਲਾ, ਮਹੰਤ ਰਜਿੰਦਰ ਦਾਸ ਜੀ, ਬਾਬਾ ਪ੍ਰੇਮਾਨੰਦ ਜੀ, ਜਥੇਦਾਰ ਬਾਬਾ ਮੰਗਾ ਸਿੰਘ ਜੀ ਲੰਗਰ ਸਾਹਿਬ ਧਰਮਕੋਟ, ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਜੀ, ਗਿਆਨੀ ਸੁਖਦੇਵ ਸਿੰਘ ਜੀ ਅਰਦਾਸੀਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸੰਤ ਬਾਬਾ ਸ਼ਮਸ਼ੇਰ ਸਿੰਘ ਜੀ ਡੇਰਾ ਬਾਬਾ ਮੂਲਾ ਸਿੰਘ ਜੀ, ਸੰਤ ਬਾਬਾ ਅਨਹਦ ਰਾਜ ਸਿੰਘ ਜੀ ਨਾਨਕਸਰ ਸਮਰਾਲਾ ਵਾਲੇ, ਜਥੇਦਾਰ ਬਾਬਾ ਬਲਵਿੰਦਰ ਸਿੰਘ ਜੀ ਤਰਨਾ ਦਲ ਖਿਆਲਾ ਵਾਲੇ, ਸੰਤ ਬਾਬਾ ਗੁਰਚਰਨ ਸਿੰਘ ਜੀ ਝਾੜ ਸਾਹਿਬ ਵਾਲੇ, ਗਿਆਨੀ ਭੁਪਿੰਦਰ ਸਿੰਘ ਜੀ ਗਦਲੀ ਵਾਲੇ ਅਤੇ ਜਥੇਦਾਰ ਬਾਬਾ ਹਰੀ ਸਿੰਘ ਜੀ ਤਰਨਾ ਦਲ ਵੀ ਪਹੁੰਚੇ ਹੋਏ ਸਨ। ਇਸ ਤੋਂ ਇਲਾਵਾ ਭਾਈ ਜੋਤ ਸਿੰਘ ਜੀ, ਭਾਈ ਬਲਵਿੰਦਰ ਸਿੰਘ ਜੀ, ਸੰਤ ਬਾਬਾ ਅਮਰਜੀਤ ਸਿੰਘ ਜੀ, ਭਾਈ ਅਮਰਜੀਤ ਸਿੰਘ ਚਹੇੜੂ, ਭਾਈ ਨਰਿੰਦਰ ਸਿੰਘ ਮਲਸੀਆਂ, ਭਾਈ ਇੰਦਰਜੀਤ ਸਿੰਘ ਜੱਸੋਵਾਲ, ਗਿਆਨੀ ਹਰਨੇਕ ਸਿੰਘ ਘਣੀਏ ਕੇ ਬਾਂਗਰ, ਗਿਆਨੀ ਪ੍ਰਗਟ ਸਿੰਘ ਭੀਲੋਵਾਲ, ਭਾਈ ਹੀਰਾ ਸਿੰਘ ਮਨਿਆਲਾ, ਬਾਬਾ ਸੁਖਦੇਵ ਸਿੰਘ ਪੱਟੀ ਮੋੜ, ਭਾਈ ਸ਼ਮਸ਼ੇਰ ਸਿੰਘ ਪਰਾਂਗਪੁਰਾ, ਭਾਈ ਸੁਖਦੇਵ ਸਿੰਘ ਜੀ, ਭਾਈ ਹਰਦੀਪ ਸਿੰਘ ਜੀ, ਗਿਆਨੀ ਜੀਵਾ ਸਿੰਘ ਜੀ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਅਤੇ ਡਾ. ਅਵਤਾਰ ਸਿੰਘ ਬੁੱਟਰ ਵੀ ਮੌਜੂਦ ਸਨ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਜੂਨ 84 ਘਲੂਘਾਰਾ: ਸਿੱਖਾਂ ਦੇ ਸਭ ਤੋਂ ਪਵਿੱਤਰ ਅਸਥਾਨ 'ਤੇ ਚੜ੍ਹਿਆ ਫੌਜੀ ਕਹਿਰ

# “ਰਤੁ ਕਾ ਕੁੰਗੂ” ਬਣਿਆ ਸ਼ਹੀਦਾਂ ਦਾ ਲਹੂ, ਅੱਜ ਵੀ ਗਵਾਹ ਹੈ ਅਕਾਲ ਤਖ਼ਤ: ਕੈਨੇਡੀਅਨ ਸਿੱਖ






**ਨਵੀਂ ਦਿੱਲੀ, 6 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਗੁਰੂ ਨਾਨਕ ਸਾਹਿਬ ਜੀ ਵੱਲੋਂ ਬਾਬਰ ਦੇ ਹਮਲਿਆਂ ਦੌਰਾਨ ਉਚਾਰੀ ਗਈ ਤੁਕ “ਖ਼ੂਨ ਕੇ ਸੋਹਿਲੇ ਗਾਵੀਅਹਿ ਨਾਨਕ ਰਤੁ ਕਾ ਕੁੰਗੂ ਪਾਇ ਵੇ ਲਾਲੋ ॥” ਅੱਜ ਵੀ ਹਰ ਉਸ ਵੇਲੇ ਦੀ ਯਾਦ ਤਾਜ਼ਾ ਕਰਦੀ ਹੈ ਜਦੋਂ ਜ਼ੁਲਮ ਅਤੇ ਤਾਕਤ ਦੇ ਨਸ਼ੇ ਵਿੱਚ ਮਨੁੱਖਤਾ ਦਾ ਖ਼ੂਨ ਵਹਾਇਆ ਜਾਂਦਾ ਹੈ। ਜੂਨ 1984 ਵਿੱਚ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਹੋਏ ਫੌਜੀ ਹਮਲੇ ਨੂੰ ਯਾਦ ਕਰਦਿਆਂ ਸਿੱਖ ਜਗਤ ਵੱਲੋਂ ਇਸ ਘਟਨਾ ਨੂੰ ਡੂੰਘੇ ਦੁੱਖ, ਰੋਸ ਅਤੇ ਸ਼ਹੀਦਾਂ ਪ੍ਰਤੀ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਭਾਈ ਗੁਰਮੀਤ ਸਿੰਘ ਤੂਰ ਅਤੇ ਭਾਈ ਨਰਿੰਦਰ ਸਿੰਘ ਰੰਧਾਵਾ ਮੈਂਬਰ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਨੇ ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ 1 ਜੂਨ ਤੋਂ 6 ਜੂਨ 1984 ਤੱਕ ਚੱਲੀ ਫੌਜੀ ਕਾਰਵਾਈ ਦੌਰਾਨ ਸਿੱਖਾਂ ਦੇ ਸਭ ਤੋਂ ਪਵਿੱਤਰ ਧਾਰਮਿਕ ਅਸਥਾਨਾਂ ਦਾ ਮਾਹੌਲ ਗੋਲੀਆਂ, ਗੋਲਾਬਾਰੀ ਅਤੇ ਖ਼ੂਨ-ਖਰਾਬੇ ਨਾਲ ਭਰ ਗਿਆ। ਇਸ ਘਟਨਾ ਨੇ ਨਾ ਸਿਰਫ਼ ਪੰਜਾਬ ਸਗੋਂ ਵਿਸ਼ਵ ਭਰ ਦੇ ਸਿੱਖਾਂ ਦੇ ਮਨਾਂ ਉੱਤੇ ਡੂੰਘਾ ਅਸਰ ਛੱਡਿਆ। ਇਸ ਮੌਕੇ ਸਿੱਖ ਸੰਗਤਾਂ ਵੱਲੋਂ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਜਨਰਲ ਸੁਬੇਗ ਸਿੰਘ ਅਤੇ ਉਨ੍ਹਾਂ ਦੇ ਨਾਲ ਸ਼ਹੀਦ ਹੋਏ ਅਨੇਕਾਂ ਸਿੰਘਾਂ-ਸਿੰਘਣੀਆਂ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਸਿੱਖ ਪਰੰਪਰਾ ਅਨੁਸਾਰ ਇਨ੍ਹਾਂ ਸ਼ਹੀਦਾਂ ਨੂੰ ਧਾਰਮਿਕ ਅਸਥਾਨਾਂ ਦੀ ਮਰਯਾਦਾ ਅਤੇ ਸਨਮਾਨ ਦੀ ਰੱਖਿਆ ਲਈ ਆਪਣੇ ਪ੍ਰਾਣ ਨਿਛਾਵਰ ਕਰਨ ਵਾਲੇ ਯੋਧਿਆਂ ਵਜੋਂ ਸਿਮਰਿਆ ਜਾਂਦਾ ਹੈ। ਭਾਈ ਤੂਰ ਅਤੇ ਭਾਈ ਰੰਧਾਵਾ ਨੇ ਕਿਹਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਲੇ-ਦੁਆਲੇ ਡਟੇ ਸਿੰਘਾਂ ਨੇ ਅਸਧਾਰਨ ਹੌਸਲੇ, ਦ੍ਰਿੜਤਾ ਅਤੇ ਕੁਰਬਾਨੀ ਦੀ ਮਿਸਾਲ ਪੇਸ਼ ਕੀਤੀ। ਗੋਲੀਆਂ ਅਤੇ ਟੈਂਕਾਂ ਦੇ ਸਾਹਮਣੇ ਡਟ ਕੇ ਖੜ੍ਹੇ ਰਹਿਣ ਵਾਲੇ ਇਹ ਯੋਧੇ ਅੱਜ ਵੀ ਕਈ ਸਿੱਖਾਂ ਲਈ ਚੜ੍ਹਦੀ ਕਲਾ, ਨਿਡਰਤਾ ਅਤੇ ਧਰਮ ਪ੍ਰਤੀ ਸਮਰਪਣ ਦੇ ਪ੍ਰਤੀਕ ਮੰਨੇ ਜਾਂਦੇ ਹਨ। ਓਨ੍ਹਾ ਦਸਿਆ ਜੂਨ 1984 ਦੀਆਂ ਉਹ ਖ਼ੂਨੀ ਘੜੀਆਂ ਅੱਜ ਵੀ ਸਿੱਖ ਇਤਿਹਾਸ ਦੇ ਸਭ ਤੋਂ ਦਰਦਨਾਕ ਅਧਿਆਇਆਂ ਵਿੱਚੋਂ ਇੱਕ ਵਜੋਂ ਯਾਦ ਕੀਤੀਆਂ ਜਾਂਦੀਆਂ ਹਨ। ਹਰ ਸਾਲ ਇਨ੍ਹਾਂ ਦਿਨਾਂ ਦੌਰਾਨ ਗੁਰਦੁਆਰਿਆਂ ਵਿੱਚ ਅਰਦਾਸਾਂ, ਗੁਰਮਤਿ ਸਮਾਗਮ ਅਤੇ ਸ਼ਹੀਦੀ ਸਮਾਗਮ ਕਰਵਾਏ ਜਾਂਦੇ ਹਨ, ਜਿੱਥੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਨਮਨ ਕੀਤਾ ਜਾਂਦਾ ਹੈ ਅਤੇ ਸ੍ਰੀ ਦਰਬਾਰ ਸਾਹਿਬ ਉੱਤੇ ਹੋਏ ਹਮਲੇ ਦੀ ਨਿਖੇਧੀ ਕੀਤੀ ਜਾਂਦੀ ਹੈ। ਅੰਤ ਵਿਚ ਭਾਈ ਨਰਿੰਦਰ ਸਿੰਘ ਰੰਧਾਵਾ ਅਤੇ ਭਾਈ ਗੁਰਮੀਤ ਸਿੰਘ ਤੂਰ ਨੇ ਕਿਹਾ ਅੱਜ, ਚਾਰ ਦਹਾਕਿਆਂ ਤੋਂ ਵੱਧ ਸਮੇਂ ਬਾਅਦ ਵੀ, ਉਹ ਖ਼ੂਨ ਨਾਲ ਲਿਖਿਆ ਇਤਿਹਾਸ ਸਿੱਖ ਕੌਮ ਦੀ ਯਾਦ ਵਿੱਚ ਜੀਊਂਦਾ ਹੈ। ਗੁਰੂ ਨਾਨਕ ਸਾਹਿਬ ਦੀ ਇਹ ਬਾਣੀ ਮਾਨੋ ਉਸ ਦੁਖਾਂਤ ਦੀ ਗਵਾਹੀ ਦਿੰਦੀ ਹੈ ਕਿ ਜਦੋਂ ਜ਼ੁਲਮ ਦਾ ਹਨੇਰਾ ਛਾ ਜਾਂਦਾ ਹੈ ਤਾਂ ਕੁਰਬਾਨੀਆਂ ਦਾ ਲਹੂ ਹੀ ਇਤਿਹਾਸ ਦੇ ਮੱਥੇ ਦਾ ਕੁੰਗੂ ਬਣ ਜਾਂਦਾ ਹੈ। ਸ਼ਹੀਦਾਂ ਦੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ। ਇਸ ਮੌਕੇ ਓਨ੍ਹਾ ਨਾਲ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਤੋਂ ਵਾਈਸ ਪ੍ਰੈਸੀਡੈਂਟ ਗੁਰਮੀਤ ਸਿੰਘ ਗਿੱਲ, ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਮਨਜਿੰਦਰ ਸਿੰਘ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਅਜੈਪਾਲ ਸਿੰਘ, ਭਾਈ ਦਲਜੀਤ ਸਿੰਘ, ਭਾਈ ਚਰਨਜੀਤ ਸਿੰਘ ਭਾਈ ਰਜਿੰਦਰ ਸਿੰਘ ਭਾਈ ਜੈਕ ਸਿੱਧੂ, ਭਾਈ ਰਜਿੰਦਰ ਸਿੰਘ ਨੱਤ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਭਾਈ ਹਰਬੰਸ ਸਿੰਘ ਔਜਲਾ ਸਮੇਤ ਹੋਰ ਸੰਗਤਾਂ ਵੀ ਸ਼ਾਮਿਲ ਸਨ।

### “ਖ਼ੂਨ ਕੇ ਸੋਹਿਲੇ ਗਾਵੀਅਹਿ ਨਾਨਕ : ਜੂਨ 1984 ਦੇ ਸ਼ਹੀਦਾਂ ਨੂੰ ਕੌਮ ਦਾ ਸਿਜਦਾ”

# ਨਗਰ ਕੌਂਸਲ ਜੰਡਿਆਲਾ ਗੁਰੂ ਵਿਚ ਕਾਂਗਰਸ ਦੀ ਹੋਈ ਨਮੋਸ਼ੀਜਨਕ ਹਾਰ ਲਈ ਜਿੰਮੇਵਾਰ ਕੌਣ ?

**ਜੰਡਿਆਲਾ ਗੁਰੂ 6 ਜੂਨ ( ਕੁਲਵੰਤ ਸਿੰਘ ਵਿਰਦੀ )** - ਬੀਤੇ ਦਿਨੀਂ ਨਗਰ ਕੌਂਸਲ ਜੰਡਿਆਲਾ ਗੁਰੂ ਚੋਣਾਂ ਦੇ ਆਏ ਨਤੀਜਿਆਂ ਦੌਰਾਨ ਕਾਂਗਰਸ ਪਾਰਟੀ ਨੂੰ 15 ਵਾਰਡਾਂ ਵਿਚੋਂ ਸਿਰਫ ਇਕ ਸੀਟ ਝੋਲੀ ਪਈ ਸੀ ਭਾਵੇਂ ਕਿ ਕਾਂਗਰਸ ਨੇ 15 ਵਿੱਚੋ 14 ਵਾਰਡਾਂ ਤੇ ਉਮੀਦਵਾਰ ਖੜੇ ਕੀਤੇ ਸਨ ਪਰ ਇਕ ਉਮੀਦਵਾਰ ਦੇ ਕਾਗਜ ਰੱਦ ਹੋਣ ਤੇ ਇਕ ਵਲੋ ਕਾਗਜ ਵਾਪਿਸ ਲੈਣ ਤੋਂ ਬਾਅਦ ਕਾਂਗਰਸ 12 ਸੀਟਾਂ ਤੇ ਚੋਣ ਲੜੀ ਸੀ । ਪ੍ਰਾਪਤ ਜਾਣਕਾਰੀ ਮੁਤਾਬਕ ਆਮ ਆਦਮੀ ਪਾਰਟੀ ਦੇ ਕਿਲ੍ਹੇ ਨੂੰ ਢਹਿ ਢੇਰੀ ਕਰਨ ਦੇ ਮਕਸਦ ਨਾਲ ਕਾਂਗਰਸ ਪਾਰਟੀ ਨੇ ਅੰਦਰਖਾਤੇ ਅਕਾਲੀ ਦਲ ਨਾਲ ਵੀ ਸਮਝੌਤਾ ਕਰ ਲਿਆ ਸੀ ਪਰ ਇਸ ਗਠਜੋੜ ਦੌਰਾਨ ਅਕਾਲੀ ਵੀ ਆਪਣੀ ਸਾਖ ਬਚਾਉਣ ਵਿਚ ਕਾਮਯਾਬ ਨਾ ਹੋ ਸਕੇ ਅਤੇ ਓਹਨਾਂ ਨੇ ਵੀ ਇਕ ਹੀ ਸੀਟ ਹਾਸਿਲ ਕੀਤੀ ।ਕੁਝ ਕਾਂਗਰਸੀ ਵਰਕਰਾਂ ਨੇ ਦੱਬੀ ਜੁਬਾਨ ਚ ਦਸਿਆ ਕਿ ਕਾਂਗਰਸ ਹਾਈਕਮਾਨ ਨੂੰ ਫਿਲਹਾਲ ਸ਼ਹਿਰ ਦਾ ਪ੍ਰਧਾਨ ਨਹੀਂ ਬਦਲਣਾ ਚਾਹੀਦਾ ਸੀ ਜਿਸ ਕਰਕੇ ਵਰਕਰਾਂ ਵਿਚ ਨਿਰਾਸ਼ਾ ਵੀ ਆ ਗਈ ਸੀ ਅਤੇ ਪਹਿਲੇ ਸ਼ਹਿਰੀ ਪ੍ਰਧਾਨ ਨੇ ਆਮ ਆਦਮੀ ਪਾਰਟੀ ਦਾ ਪੱਲਾ ਫ਼ੜ ਲਿਆ ਅਤੇ ਕੌਂਸਲਰ ਬਣ ਗਏ । ਕਾਂਗਰਸ ਪਾਰਟੀ ਦੇ ਸ਼ਹਿਰੀ ਪ੍ਰਧਾਨ ਨੇ ਦੋ ਵਾਰਡਾਂ ਵਿਚ ਆਪਣੀ ਕਿਸਮਤ ਅਜਮਾਈ ਪਰ ਦੋਨਾਂ ਵਾਰਡਾਂ ਵਿਚੋਂ ਵੋਟਰਾਂ ਨੇ ਓਹਨਾਂ ਨੂੰ ਨਕਾਰਦੇ ਹੋਏ ਆਪ ਦੇ ਉਮੀਦਵਾਰਾਂ ਨੂੰ ਜਿਤਾ ਦਿੱਤਾ । ਕਾਂਗਰਸੀ ਵਰਕਰਾਂ ਦਾ ਕਹਿਣਾ ਹੈ ਪਾਰਟੀ ਹਾਈਕਮਾਨ ਨੂੰ ਕੋਈ ਵੀ ਫੈਂਸਲਾ ਲੈਣ ਲਈ ਵਰਕਰਾਂ ਨਾਲ ਸਲਾਹ ਮਸ਼ਵਰਾ ਕਰਨਾ ਚਾਹੀਦਾ ਹੈ ਨਾ ਕਿ ਵਰਕਰਾਂ ਉਪਰ ਫੈਂਸਲੇ ਥੋਪਣੇ ਚਾਹੀਦੇ ਹਨ । ਵਰਕਰਾਂ ਨੇ ਪਾਰਟੀ ਹਾਈਕਮਾਂਡ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ ਲਈ ਅਗਰ ਮੈਦਾਨ ਤਿਆਰ ਕਰਨਾ ਹੈ ਤਾਂ ਵਰਕਰਾਂ ਨਾਲ ਮੀਟਿੰਗਾਂ ਦਾ ਸਿਲਸਿਲਾ ਤੇਜ਼ ਕਰਨਾ ਚਾਹੀਦਾ ਹੈ ਅਤੇ ਹਰ ਇਕ ਨੂੰ ਭਰੋਸੇ ਵਿਚ ਲੈਕੇ ਨਾਲ ਤੋਰਨਾ ਚਾਹੀਦਾ ਹੈ । ਕਿਉ ਕਿ ਅਗਰ ਪਿਛਲੀਆਂ ਵਿਧਾਨ ਸਭਾ ਚੋਣਾਂ ਦੇ ਨਤੀਜੇ ਦੇਖੇ ਜਾਣ ਤਾਂ ਨਗਰ ਕੌਂਸਲ ਦੀਆਂ ਚੋਣਾਂ ਤੋਂ ਬਾਅਦ ਹੋਣ ਵਾਲਿਆਂ ਵਿਧਾਨ ਸਭਾ ਚੋਣਾਂ ਵਿੱਚ ਨਤੀਜੇ ਉਲਟ ਹੀ ਆ ਰਹੇ ਹਨ । ਹੁਣ ਪਾਰਟੀ ਹਾਈਕਮਾਨ ਨੂੰ ਇਹ ਦੇਖਣਾ ਹੋਵੇਗਾ ਕਿ 2027 ਵਿਚ ਵਿਰੋਧੀ ਪਾਰਟੀ ਦੇ ਮਜ਼ਬੂਤ ਉਮੀਦਵਾਰ ਨੂੰ ਹਰਾਉਣ ਲਈ ਕੀ ਰਣਨੀਤੀ ਤਿਆਰ ਕੀਤੀ ਜਾਂਦੀ ਹੈ ਅਤੇ ਕਿਸ ਤਰੀਕੇ ਨਾਲ ਵਰਕਰਾਂ ਵਿਚ ਜੋਸ਼ ਪੈਦਾ ਕੀਤਾ ਜਾਂਦਾ ਹੈ ।ਇਥੇ ਇਹ ਦੱਸਣਯੋਗ ਹੈ ਕਿ ਆਮ ਆਦਮੀ ਪਾਰਟੀ ਦੇ ਵਰਕਰਾਂ ਦਾ ਕਹਿਣਾ ਕਿ ਜਿਸ ਤਰ੍ਹਾਂ ਉਨਾਂ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਦੀ ਅਗਵਾਈ ਵਿੱਚ ਵਿਕਾਸ ਦੇ ਨਾ ਤੇ ਵੋਟਾਂ ਮੰਗ ਕਿ ਨਗਰ ਕੌਂਸਲ ਵਿੱਚ ਪੂਰੇ ਬਹੁਮਤ ਨਾਲ ਜਿਤ ਹਾਸਲ ਕੀਤੀ ਹੈ ਉਸੇ ਤਰ੍ਹਾਂ 2027 ਵਿੱਚ ਵੀ ਹਰਭਜਨ ਸਿੰਘ ਈ.ਟੀ.ਓ ਨੂੰ ਉਨਾਂ ਦੇ ਜੱਦੀ ਸਹਿਰ ਵਿੱਚੋਂ ਵਿਕਾਸ ਦੇ ਨਾ ਤੇ ਵੱਡੀ ਲੀਡ ਨਾਲ ਜਿਤਾਉਣਗੇ !

### 2027 'ਚ ਹਰਭਜਨ ਸਿੰਘ ਈ.ਟੀ.ਓ ਆਪਣੇ ਜੱਦੀ ਸਹਿਰ ਤੋਂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ ਆਪ ਵਰਕਰ



# ਘੱਲੂਘਾਰਾ ਦਿਵਸ ਮੌਕੇ ਸਮਰਾਲਾ ਵਿੱਚ ਹਿੰਦੂ-ਸਿੱਖ ਏਕਤਾ ਦੀ ਅਨੋਖੀ ਮਿਸਾਲ, ਸਾਂਝੀ ਛਬੀਲ ਰਾਹੀਂ ਦਿੱਤਾ ਭਾਈਚਾਰੇ ਦਾ ਸੰਦੇਸ਼



**ਖੰਨਾ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਧਰਤੀ ਸਦੀਆਂ ਤੋਂ ਹਿੰਦੂ-ਸਿੱਖ ਏਕਤਾ, ਆਪਸੀ ਸਤਿਕਾਰ ਅਤੇ ਭਾਈਚਾਰੇ ਦੀ ਪ੍ਰਤੀਕ ਰਹੀ ਹੈ। ਇਸ ਪਰੰਪਰਾ ਨੂੰ ਹੋਰ ਮਜ਼ਬੂਤ ਕਰਦਿਆਂ ਘੱਲੂਘਾਰਾ ਹਫ਼ਤੇ ਦੌਰਾਨ ਸ਼ਨੀਵਾਰ ਨੂੰ ਸਮਰਾਲਾ ਵਿੱਚ ਹਿੰਦੂ-ਸਿੱਖ ਏਕਤਾ ਦੀ ਇੱਕ ਅਨੋਖੀ ਅਤੇ ਪ੍ਰੇਰਨਾਦਾਇਕ ਮਿਸਾਲ ਦੇਖਣ ਨੂੰ ਮਿਲੀ। ਸਿੱਖ ਧਰਮ ਦੇ ਆਗੂ ਬਾਬਾ ਸੁਖਵਿੰਦਰ ਸਿੰਘ ਭਗਵਾਨਪੁਰਾ ਅਤੇ ਸ਼ਿਵ ਸੈਨਾ (ਬਾਲ ਠਾਕਰੇ) ਦੇ ਆਗੂ ਰਮਨ ਵਢੇਰਾ ਨੇ ਸਾਂਝੇ ਤੌਰ 'ਤੇ ਛਬੀਲ ਲਗਾ ਕੇ ਲੋਕਾਂ ਨੂੰ ਆਪਸੀ ਪਿਆਰ, ਸਦਭਾਵਨਾ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ ਅਤੇ ਧਰਮ, ਜਾਤ-ਪਾਤ ਜਾਂ ਵਿਚਾਰਧਾਰਾ ਤੋਂ ਉੱਪਰ ਉੱਠ ਕੇ ਮਨੁੱਖਤਾ ਦੀ ਸੇਵਾ ਵਿੱਚ ਹਿੱਸਾ ਲਿਆ। ਛਬੀਲ ਦੌਰਾਨ ਰਾਹਗੀਰਾਂ ਅਤੇ ਸੰਗਤਾਂ ਨੂੰ ਠੰਢੇ ਮਿੱਠੇ ਜਲ ਦੀ ਸੇਵਾ ਕੀਤੀ ਗਈ। ਮੌਜੂਦ ਲੋਕਾਂ ਨੇ ਕਿਹਾ ਕਿ ਪੰਜਾਬ ਦੀ ਅਸਲ ਪਹਿਚਾਣ ਆਪਸੀ ਸਾਂਝ ਅਤੇ ਭਾਈਚਾਰੇ ਵਿੱਚ ਹੈ ਅਤੇ ਅਜਿਹੇ ਉਪਰਾਲੇ ਸਮਾਜ ਨੂੰ ਜੋੜਨ ਦਾ ਕੰਮ ਕਰਦੇ ਹਨ। ਬਾਬਾ ਸੁਖਵਿੰਦਰ ਸਿੰਘ ਭਗਵਾਨਪੁਰਾ ਨੇ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਸਾਨੂੰ ਮਨੁੱਖਤਾ ਦੀ ਸੇਵਾ ਅਤੇ ਸਭ ਨੂੰ ਇਕਸਾਰ ਸਮਝਣ ਦਾ ਸੰਦੇਸ਼ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਮਾਜ ਨੂੰ ਜੋੜਨ ਵਾਲੇ ਉਪਰਾਲਿਆਂ ਦੀ ਬਹੁਤ ਲੋੜ ਹੈ ਅਤੇ ਹਿੰਦੂ-ਸਿੱਖ ਏਕਤਾ ਪੰਜਾਬ ਦੀ ਸਭ ਤੋਂ ਵੱਡੀ ਤਾਕਤ ਹੈ। ਰਮਨ ਵਢੇਰਾ ਨੇ ਕਿਹਾ ਕਿ ਪੰਜਾਬ ਵਿੱਚ ਹਿੰਦੂ ਅਤੇ ਸਿੱਖ ਭਾਈਚਾਰਾ ਹਮੇਸ਼ਾ ਇੱਕ-ਦੂਜੇ ਦੇ ਸੁੱਖ-ਦੁੱਖ ਵਿੱਚ ਖੜ੍ਹਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੁਝ ਤਾਕਤਾਂ ਭਾਵੇਂ ਲੋਕਾਂ ਨੂੰ ਵੰਡਣ ਦੀ ਕੋਸ਼ਿਸ਼ ਕਰਦੀਆਂ ਹਨ, ਪਰ ਪੰਜਾਬ ਦਾ ਭਾਈਚਾਰਾ ਹਮੇਸ਼ਾ ਏਕਤਾ ਅਤੇ ਸਦਭਾਵਨਾ ਦਾ ਸੰਦੇਸ਼ ਦਿੰਦਾ ਆਇਆ ਹੈ। ਇਸ ਦੌਰਾਨ ਕਾਨੂੰਨ-ਵਿਵਸਥਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੁਲਿਸ ਵੱਲੋਂ ਵੀ ਪੁਖ਼ਤਾ ਪ੍ਰਬੰਧ ਕੀਤੇ ਗਏ। ਐਸਐਸਪੀ ਖੰਨਾ ਡਾ. ਦਰਪਣ ਆਹਲੂਵਾਲੀਆ ਦੇ ਨਿਰਦੇਸ਼ਾਂ ਅਨੁਸਾਰ ਸੁਰੱਖਿਆ ਦੇ ਵਿਸ਼ੇਸ਼ ਇੰਤਜ਼ਾਮ ਕੀਤੇ ਗਏ ਸਨ। ਡੀਐਸਪੀ ਸਮਰਾਲਾ ਪ੍ਰਿਤਪਾਲ ਸਿੰਘ ਸੰਧੂ ਅਤੇ ਥਾਣਾ ਮੁਖੀ ਹਰਵਿੰਦਰ ਸਿੰਘ ਵੀ ਮੌਕੇ 'ਤੇ ਮੌਜੂਦ ਰਹੇ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਸਮਰਾਲਾ ਵਿੱਚ ਹੋਇਆ ਇਹ ਉਪਰਾਲਾ ਸਿਰਫ਼ ਇੱਕ ਛਬੀਲ ਨਹੀਂ ਸੀ, ਸਗੋਂ ਹਿੰਦੂ-ਸਿੱਖ ਏਕਤਾ, ਆਪਸੀ ਵਿਸ਼ਵਾਸ ਅਤੇ ਪੰਜਾਬ ਦੀ ਸਾਂਝੀ ਵਿਰਾਸਤ ਦਾ ਜੀਵੰਤ ਪ੍ਰਤੀਕ ਬਣ ਕੇ ਸਾਹਮਣੇ ਆਇਆ, ਜਿਸ ਦੀ ਲੋਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਕ ਦਿੱਲੀ ਵਿਖੇ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰੀ











ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਕ ਦਿੱਲੀ ਵਿਖੇ ਅੱਜ 6 ਜੂਨ 2026 ਨੂੰ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਹਾਜ਼ਰ ਸਿੱਖ ਸੰਗਤਾਂ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243